Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 49 Chief Editor : Chowdhary Prabhjit Singh, Editor : Chhatarpal Singh 98146-32807, Tuesday 4 August 2026 Price : 2 Rs. Page : 6

## ਸਿੱਖੀ ਦੇ ਪ੍ਰਚਾਰ ਅਤੇ ਗੁਰੂ ਘਰ ਦੀ ਮਰਯਾਦਾ ’ਤੇ ਸਵਾਲ ਚੁੱਕਣ ਵਾਲੀ ਸੋਚ ਤੋਂ ਕੌਮ ਰਹੇ ਸੁਚੇਤ : ਗਿਆਨੀ ਕੁਲਦੀਪ ਸਿੰਘ ਗੜਗੱਜ



**ਸ੍ਰੀ ਮੁਕਤਸਰ ਸਾਹਿਬ, 3 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੀਰੀ-ਪੀਰੀ ਖ਼ਾਲਸਾ ਮਾਰਚ ਕੋਈ ਸਿਆਸੀ ਰੋਡ ਸ਼ੋ ਨਹੀਂ, ਸਗੋਂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਬਖ਼ਸ਼ੇ ਮੀਰੀ-ਪੀਰੀ ਦੇ ਸਿਧਾਂਤ ਅਤੇ ਪੰਥਕ ਪਰੰਪਰਾਵਾਂ ਦਾ ਪ੍ਰਗਟਾਵਾ ਹੈ। ਇਤਿਹਾਸ ਗਵਾਹ ਹੈ ਕਿ ਸਿੱਖ ਕੌਮ ਉੱਤੇ ਆਏ ਚਨੌਤੀ ਭਰੇ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਮਹਾਨ ਨਗਰ ਕੀਰਤਨ ਅਤੇ ਪੰਥਕ ਮੋਰਚੇ ਆਰੰਭ ਹੋਏ, ਜਿਨ੍ਹਾਂ ਨੇ ਕੌਮ ਨੂੰ ਇਕਜੁੱਟ ਕੀਤਾ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਥੇਹੜੀ ਸਾਹਿਬ ਤੋਂ ਮੀਰੀ ਪੀਰੀ ਖਾਲਸਾ ਮਾਰਚ ਦੀ ਆਰੰਭਤਾ ਸਮੇਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਲੋਕਾਂ ਦੁਆਰਾ ਚੁਣੇ ਹੋਏ ਨੁਮਾਇੰਦੇ ਵੱਲੋਂ ਮੀਰੀ-ਪੀਰੀ ਖ਼ਾਲਸਾ ਮਾਰਚ ਨੂੰ ਰੋਡ ਸ਼ੋ ਕਹਿਣਾ ਨਾ ਸਿਰਫ਼ ਸਿੱਖ ਪਰੰਪਰਾਵਾਂ ਦੀ ਅਣਜਾਣਤਾ ਹੈ, ਸਗੋਂ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਵੀ ਠੇਸ ਪਹੁੰਚਾਉਣ ਵਾਲਾ ਵੀ ਹੈ। ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਸੰਗਤਾਂ ਨੂੰ ਅਜਿਹੇ ਬਿਆਨਾਂ ਦਾ ਸਮੇਂ ਸਿਰ ਜਵਾਬ ਦੇਣਾ ਚਾਹੀਦਾ ਹੈ ਤਾਂ ਜੋ ਗੁਰੂ ਘਰਾਂ ਦੀ ਮਰਿਆਦਾ ਅਤੇ ਪੰਥਕ ਪਰੰਪਰਾਵਾਂ ਦਾ ਸਨਮਾਨ ਕਾਇਮ ਰਹੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਹਮੇਸ਼ਾ ਸਰਬੱਤ ਦੇ ਭਲੇ, ਨਿਆਂ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਖੜ੍ਹਾ ਰਿਹਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਜਨਮ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ-ਛਾਇਆ ਹੇਠ ਹੋਇਆ ਅਤੇ ਇਹ ਸੰਸਥਾਵਾਂ ਹਮੇਸ਼ਾ ਪੰਥਕ ਸੇਵਾ ਲਈ ਸਮਰਪਿਤ ਹਨ। ਉਨ੍ਹਾਂ ਕਿਹਾ ਕਿ ਜੈਤੋ ਮੋਰਚੇ ਤੋਂ ਲੈ ਕੇ 1995 ਦੇ ਔਖੇ ਦੌਰ ਸਮੇਂ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪੰਥ ਨੂੰ ਹਮੇਸ਼ਾ ਸੇਧ ਦਿੱਤੀ ਹੈ। ਐਮਰਜੈਂਸੀ ਦੇ ਦੌਰਾਨ ਵੀ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਕੌਮ ਨੂੰ ਜਾਗਰੂਕ ਕਰਨ ਅਤੇ ਗੁਰਮਤਿ ਨਾਲ ਜੋੜਨ ਲਈ ਲਗਭਗ 37 ਮਹਾਨ ਨਗਰ ਕੀਰਤਨ ਕੱਢੇ। ਇਸੇ ਤਰ੍ਹਾਂ ਸਿੰਘ ਸਾਹਿਬ ਗਿਆਨੀ ਮਨਜੀਤ ਸਿੰਘ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ਾਲ ਨਗਰ ਕੀਰਤਨ ਕੱਢ ਕੇ ਮੀਰੀ-ਪੀਰੀ ਦੇ ਸਿਧਾਂਤ ਅਤੇ ਸੰਤ-ਸਿਪਾਹੀ ਦੀ ਵਿਚਾਰਧਾਰਾ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਇਆ ਗਿਆ।

ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿੱਚ ਚੱਲ ਰਹੇ ਮੀਰੀ-ਪੀਰੀ ਖ਼ਾਲਸਾ ਮਾਰਚ ਨੂੰ ਦੇਸ਼-ਵਿਦੇਸ਼ ਦੀਆਂ ਸੰਗਤਾਂ ਵੱਲੋਂ ਮਿਲ ਰਿਹਾ ਵਿਸ਼ਾਲ ਹੁੰਗਾਰਾ ਕੁਝ ਲੋਕਾਂ ਨੂੰ ਰਾਸ ਨਹੀਂ ਆ ਰਿਹਾ। ਇਸੇ ਕਾਰਨ ਇਸ ਪਵਿੱਤਰ ਪੰਥਕ ਪਰੰਪਰਾ ਨੂੰ ਰੋਡ ਸ਼ੋ ਵਰਗੇ ਸ਼ਬਦਾਂ ਨਾਲ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜੋ ਨਿੰਦਣਯੋਗ ਹੈ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਦੀਆਂ ਤੋਂ ਪੰਥ ਦੀ ਅਗਵਾਈ ਕਰਦਾ ਆ ਰਿਹਾ ਹੈ। ਜਦੋਂ ਵੀ ਸਿੱਖ ਧਰਮ, ਪੰਥਕ ਰਵਾਇਤਾਂ ਜਾਂ ਸੰਸਥਾਵਾਂ ’ਤੇ ਹਮਲਾ ਹੋਇਆ, ਸ੍ਰੀ ਅਕਾਲ ਤਖ਼ਤ ਸਾਹਿਬ ਨੇ ਗੁਰੂ ਦੇ ਸਿਧਾਂਤਾਂ ਅਨੁਸਾਰ ਪੰਥ ਨੂੰ ਅਗਵਾਈ ਦਿੱਤੀ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕਰਕੇ ਸਿੱਖ ਪੰਥ ਨੂੰ ਮੀਰੀ-ਪੀਰੀ ਦਾ ਮਹਾਨ ਸਿਧਾਂਤ ਬਖ਼ਸ਼ਿਆ।

## ਪੰਜਾਬ ਵਿਧਾਨ ਸਭਾ ’ਚ ਕੇਂਦਰ ਸਰਕਾਰ ਖ਼ਿਲਾਫ਼ ਨਿੰਦਾ ਮਤਾ ਪਾਸ: ਸਦਨ ਦੀ ਕਾਰਵਾਈ ਮੁਲਤਵੀ

**ਚੰਡੀਗੜ੍ਹ 3 ਅਗਸਤ**
**-ਛਤਰਪਾਲ ਸਿੰਘ-**

ਪੰਜਾਬ ਵਿਧਾਨ ਸਭਾ ਦਾ ਮੌਨਸੂਨ ਇਜਲਾਸ ਅੱਜ ਸ਼ੁਰੂ ਹੋ ਗਿਆ ਹੈ। ਸੈਸ਼ਨ ਸ਼ੁਰੂ ਹੁੰਦਿਆਂ ਹੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਹੋਰਨਾਂ ਵਿਧਾਇਕਾਂ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸਾਬਕਾ ਵਿਧਾਇਕ ਸਹੀ ਰਾਮ ਬਿਸ਼ਨੋਈ, ਸਿਪਾਹੀ ਸਰਬਜੀਤ ਸਿੰਘ, ਆਜ਼ਾਦੀ ਘੁਲਾਟੀਏ ਸੇਵਾ ਸਿੰਘ, ਓਲੰਪੀਅਨ ਰਣਧੀਰ ਸਿੰਘ, ਪੰਜਾਬੀ ਗਾਇਕ ਭੂਲਾ ਰਾਮ, ਵਿਧਾਇਕ ਦਵਿੰਦਰ ਸਿੰਘ ਲਾਡੀ ਢੋਸ ਦੇ ਚਾਚਾ ਮਨਜੀਤ ਸਿੰਘ ਢੋਸ, ਭੁਪਿੰਦਰ ਸਿੰਘ ਪਾਹੜਾ, ਫ਼ੌਜ ਦੇ ਜਵਾਨ ਸਿਕੰਦਰ ਸਿੰਘ ਅਤੇ ਕੇਂਦਰ ਸਰਕਾਰ ਦੀਆਂ ਗ਼ਲਤ ਨੀਤੀਆਂ ਕਰਕੇ ਜਾਨਾਂ ਗਵਾਉਣ ਵਾਲੇ ਬੱਚਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਸਦਨ ਵੱਲੋਂ ਸਰਕਾਰੀ ਪ੍ਰੀਖਿਆਵਾਂ ਅਤੇ ਭਰਤੀ ਪ੍ਰਣਾਲੀ ਵਿੱਚ ਬੇਨਿਯਮੀਆਂ ਅਤੇ ਬੱਚਿਆਂ ’ਤੇ ਜ਼ਬਰ ਦੇ ਮੱਦੇਨਜ਼ਰ ਕੇਂਦਰ ਸਰਕਾਰ ਖ਼ਿਲਾਫ਼ ਨਿੰਦਾ ਮਤਾ ਪਾਸ ਕੀਤਾ ਗਿਆ ਹੈ। ਮਤੇ ਵਿੱਚ ਮੰਗ ਕੀਤੀ ਗਈ ਹੈ ਕਿ ਬੱਚਿਆਂ ’ਤੇ ਦਰਜ ਕੀਤੇ ਗਏ ਕੇਸ ਵਾਪਸ ਲਏ ਜਾਣ ਅਤੇ ਪੇਪਰ ਲੀਕ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣ। ਸਦਨ ਵੱਲੋਂ ਇਹ ਮਤਾ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਹੈ, ਜਿਸ ਤੋਂ ਬਾਅਦ ਸਦਨ ਦੀ ਕਾਰਵਾਈ ਨੂੰ ਮੁਲਤਵੀ ਕਰ ਦਿੱਤਾ ਗਿਆ।



ਚਰਨਜੀਤ ਭੁੱਲਰਪੰਜਾਬ ਵਿਧਾਨ ਸਭਾ ਵਿੱਚ ਪੇਪਰ ਲੀਕ ਅਤੇ ਵਿਦਿਆਰਥੀਆਂ ’ਤੇ ਪੁਲੀਸ ਕਾਰਵਾਈ ਵਿਰੁੱਧ ਪੇਸ਼ ਕੀਤੇ ਗਏ ਨਿੰਦਾ ਮਤੇ ਦਾ ਸਮਰਥਨ ਕਰਦਿਆਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਦਿੱਲੀ ਵਿੱਚ ਵਿਦਿਆਰਥੀ ਪ੍ਰਦਰਸ਼ਨ ਦੌਰਾਨ ਗੁਰਦੁਆਰਾ ਰਕਾਬਗੰਜ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਨਿਭਾਈ ਗਈ ਭੂਮਿਕਾ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਨੇ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੂੰ ਰਹਿਣ, ਖਾਣ-ਪੀਣ (ਲੰਗਰ) ਅਤੇ ਦੇਖਭਾਲ ਦੀਆਂ ਬਿਹਤਰੀਨ ਸਹੂਲਤਾਂ ਮੁਹੱਈਆ ਕਰਵਾ ਕੇ ਸ਼ਲਾਘਾਯੋਗ ਕੰਮ ਕੀਤਾ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਪੰਜਾਬ ਦੀ ਸੂਬਾ ਸਰਕਾਰ ਦੀ ਕਰੜੀ ਆਲੋਚਨਾ ਕੀਤੀ। ਇਆਲੀ ਨੇ ਆਪਣੀ ਆਵਾਜ਼ ਚੁੱਕ ਰਹੇ ਸਫ਼ਾਈ ਕਰਮਚਾਰੀਆਂ ਅਤੇ ਮਨਰੇਗਾ ਵਰਕਰਾਂ ’ਤੇ ਹੋਏ ਲਾਠੀਚਾਰਜ ਦੀ ਨਿੰਦਾ ਕਰਦਿਆਂ ਕਿਹਾ, ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਸ਼ਾਂਤੀਪੂਰਨ ਢੰਗ ਨਾਲ ਪ੍ਰਦਰਸ਼ਨ ਕਰਨ ਦਾ ਪੂਰਾ ਅਧਿਕਾਰ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਨੂੰ ਵਿਰੋਧ ਪ੍ਰਦਰਸ਼ਨ ਕਰ ਰਹੇ ਕਰਮਚਾਰੀਆਂ ਅਤੇ ਨੌਜਵਾਨਾਂ ’ਤੇ ਜਬਰ ਕਰਨ ਦੀ ਬਜਾਏ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੱਲ ਧਿਆਨ ਦੇਣਾ ਚਾਹੀਦਾ ਹੈ।

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਮਤੇ ’ਤੇ ਬੋਲਦਿਆਂ ਕਿਹਾ ਕਿ ਉਹ ਇਕਲੌਤੇ ਅਜਿਹੇ ਸਿੱਖਿਆ ਮੰਤਰੀ ਸਨ, ਜੋ ਜੰਤਰ-ਮੰਤਰ ਵਿਖੇ ਵਿਦਿਆਰਥੀਆਂ ਦੇ ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ ਸਨ। ਉਨ੍ਹਾਂ ਕਿਹਾ, ਦੇਸ਼ ਭਰ ਤੋਂ ਵਿਦਿਆਰਥੀ ਉੱਥੇ ਰੋਸ ਪ੍ਰਗਟਾਉਣ ਲਈ ਇਕੱਠੇ ਹੋਏ ਸਨ। ਉਹ ਉੱਥੇ ਭਾਰਤ ਲਈ ਗਏ ਸਨ, ਨਾ ਕਿ ਭਾਰਤ ਦੇ ਵਿਰੁੱਧ। ਤੁਸੀਂ ਕਿਸੇ ਵੀ ਵਿਰੋਧੀ ਆਵਾਜ਼ ਨੂੰ ’ਦੇਸ਼-ਵਿਰੋਧੀ’ ਕਰਾਰ ਦੇ ਕੇ ਖ਼ਾਰਜ ਨਹੀਂ ਕਰ ਸਕਦੇ। ਇਹ ਮਾਮਲਾ ਸਿਰਫ਼ ਨਕਲ ਜਾਂ ਪੇਪਰ ਲੀਕ ਹੋਣ ਤੱਕ ਸੀਮਤ ਨਹੀਂ ਹੈ। ਆਓ ਆਪਣੀ ਸਿੱਖਿਆ ਪ੍ਰਣਾਲੀ ਨੂੰ ਨਵੇਂ ਸਿਰੇ ਤੋਂ ਢਾਲੀਏ, ਜਿੱਥੇ ਸਾਰੀਆਂ ਸਬੰਧਤ ਧਿਰਾਂ ਮਿਲ ਕੇ ਬਦਲਦੇ ਵਿਸ਼ਵ-ਵਿਆਪੀ ਦੌਰ ਦੇ ਅਨੁਕੂਲ ਇੱਕ ਸਿੱਖਿਆ ਪ੍ਰਣਾਲੀ ਦੀ ਸਿਰਜਣਾ ਕਰਨ। ਹੋਰ ਦੇਸ਼ ਸਾਡੇ ਨਾਲੋਂ ਕਿਤੇ ਅੱਗੇ ਹਨ। ਉਹ ਦੂਜੇ ਦੇਸ਼ਾਂ ਦੇ ਆਪਣੇ ਹਮਰੁਤਬਾ ਲੋਕਾਂ ਦੇ ਬਰਾਬਰ ਚੱਲਣਾ ਚਾਹੁੰਦੇ ਹਨ। ਇਸ ਲਈ, ਇੱਕ ਸੱਚੇ ’ਵਿਕਸਿਤ ਭਾਰਤ’ ਦੀ ਸਿਰਜਣਾ ਵਾਸਤੇ ਸਿੱਖਿਆ ਕਮਿਸ਼ਨ ਦਾ ਗਠਨ ਬਹੁਤ ਜ਼ਰੂਰੀ ਹੈ। ਬੈਂਸ ਨੇ ਪੰਜਾਬ ਵਿੱਚ ਪੇਪਰ ਲੀਕ ਦੇ ਰੌਲੇ ਬਾਰੇ ਵੀ ਸਫ਼ਾਈ ਪੇਸ਼ ਕੀਤੀ।

ਪੰਜਾਬ ਵਿਧਾਨ ਸਭਾ ਦੇ ਸਦਨ ਵਿੱਚ ਕੇਂਦਰ ਸਰਕਾਰ ਅਤੇ ਭਾਜਪਾ ਸ਼ਾਸਿਤ ਸੂਬਿਆਂ ਅਧੀਨ ਸਰਕਾਰੀ ਪ੍ਰੀਖਿਆਵਾਂ ਵਿੱਚ ਹੋ ਰਹੇ ਪੇਪਰ ਲੀਕ, ਭਰਤੀ ਘੁਟਾਲਿਆਂ ਅਤੇ ਸ਼ਾਂਤੀਪੂਰਨ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ’ਤੇ ਪੁਲੀਸ ਵੱਲੋਂ ਕੀਤੇ ਗਏ ਲਾਠੀਚਾਰਜ ਤੇ ਜ਼ਬਰਦਸਤੀ ਗ੍ਰਿਫ਼ਤਾਰੀਆਂ ਦੇ ਵਿਰੁੱਧ ਇੱਕ ਅਹਿਮ ਮਤਾ ਪੇਸ਼ ਕੀਤਾ ਗਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮਤਾ ਪੇਸ਼ ਕਰਦਿਆਂ ਕਿਹਾ ਕਿ ਪਿਛਲੇ ਇੱਕ ਦਹਾਕੇ ਦੌਰਾਨ 70 ਤੋਂ ਵੱਧ ਵੱਡੇ ਪ੍ਰੀਖਿਆ ਘੁਟਾਲੇ, ਪੇਪਰ ਲੀਕ ਅਤੇ ਡਿਜੀਟਲ ਹੈਕਿੰਗ ਦੇ ਮਾਮਲੇ ਸਾਹਮਣੇ ਆਏ ਹਨ, ਜਿਸ ਨਾਲ ਦੇਸ਼ ਦੇ ਲੱਖਾਂ ਨੌਜਵਾਨਾਂ ਦਾ ਭਵਿੱਖ ਖ਼ਤਰੇ ਵਿੱਚ ਪੈ ਗਿਆ ਹੈ ਅਤੇ ਸਰਕਾਰੀ ਪ੍ਰੀਖਿਆ ਪ੍ਰਣਾਲੀ ਤੋਂ ਲੋਕਾਂ ਦਾ ਵਿਸ਼ਵਾਸ ਉੱਠ ਰਿਹਾ ਹੈ।

ਪੰਜਾਬ ਵਿਧਾਨ ਸਭਾ ਦੇ ਮੌਨਸੂਨ ਇਜਲਾਸ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ (NEET) ਦੀ ਪ੍ਰੀਖਿਆ ਦੇ ਪੇਪਰ ਲੀਕ ਮਾਮਲੇ ਅਤੇ ਦਿੱਲੀ ਦੇ ਜੰਤਰ-ਮੰਤਰ ’ਤੇ ਸ਼ਾਂਤੀਪੂਰਨ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ’ਤੇ ਹੋਏ ਕਥਿਤ ਲਾਠੀਚਾਰਜ ਤੇ ਜ਼ੁਲਮ ਦੇ ਵਿਰੋਧ ਵਿੱਚ ਮਤਾ ਪੇਸ਼ ਕੀਤਾ ਗਿਆ।

ਪੰਜਾਬ ਵਿਧਾਨ ਸਭਾ ਦੇ ਮੌਨਸੂਨ ਇਜਲਾਸ ਦੌਰਾਨ ਜ਼ੀਰੋ ਆਵਰ (ਸਿਫ਼ਰ ਕਾਲ) ਖ਼ਤਮ ਹੁੰਦਿਆਂ ਹੀ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਵਿਚਾਲੇ ਤਿੱਖੀ ਨੋਕ-ਝੋਕ ਦੇਖਣ ਨੂੰ ਮਿਲੀ।ਸਦਨ ਦੀ ਕਾਰਵਾਈ ਦੌਰਾਨ ਮੰਤਰੀ ਕੁਲਦੀਪ ਧਾਲੀਵਾਲ ਨੇ ਅਕਾਲੀ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੂੰ ਸਿੱਧਾ ਸਵਾਲ ਕਰਦਿਆਂ ਪੁੱਛਿਆ ਕਿ ਜਦੋਂ ਸੂਬੇ ਵਿੱਚ ਅਕਾਲੀ ਦਲ ਦੀ ਸਰਕਾਰ ਸੀ, ਤਾਂ ਕੀ ਉਸ ਸਮੇਂ ਉਨ੍ਹਾਂ ਨੇ ਵਿਵਾਦਤ ਪੁਲੀਸ ਅਧਿਕਾਰੀ ਸੁਮੇਧ ਸਿੰਘ ਸੈਣੀ ਦੀ ਬਤੌਰ ਡੀ.ਜੀ.ਪੀ. ਪੋਸਟਿੰਗ (ਤਾਇਨਾਤੀ) ’ਤੇ ਕੋਈ ਇਤਰਾਜ਼ ਜਤਾਇਆ ਸੀ? ਇਸ ਸਵਾਲ ਤੋਂ ਬਾਅਦ ਸਦਨ ਵਿੱਚ ਦੋਵਾਂ ਨੇਤਾਵਾਂ ਵਿਚਾਲੇ ਤਿੱਖੀ ਬਹਿਸ ਹੋਈ, ਜਿਸ ਤੋਂ ਬਾਅਦ ਸਿਫ਼ਰ ਕਾਲ ਦੀ ਕਾਰਵਾਈ ਸਮਾਪਤ ਹੋ ਗਈ।

## 117 ਵਿਧਾਨ ਸਭਾ ਹਲਕਿਆਂ ਵਿੱਚ ਐਸ.ਆਈ.ਆਰ. ਦਾ ਡਿਜ਼ੀਟਲ ਕੰਮ 100% ਮੁਕੰਮਲ : ਸ੍ਰੀਮਤੀ ਅਨੰਦਿਤਾ ਮਿਤਰਾ

**ਚੰਡੀਗੜ੍ਹ 3 ਅਗਸਤ**
**-ਜੀ. ਐਸ. ਤੁੰਗ-**

ਪੰਜਾਬ ਵਿੱਚ ਚੱਲ ਰਹੀ ਵਿਸ਼ੇਸ਼ ਗਹਿਨ ਪੁਨਰਵੀਖਣ (Special Intensive Revision–SIR) ਮੁਹਿੰਮ ਦੌਰਾਨ ਚੋਣੀ ਪ੍ਰਕਿਰਿਆ ਨੂੰ ਆਧੁਨਿਕ ਅਤੇ ਪਾਰਦਰਸ਼ੀ ਬਣਾਉਣ ਲਈ ਡਿਜੀਟਲ ਤਕਨੀਕ ਦੀ ਵਿਆਪਕ ਵਰਤੋਂ ਕੀਤੀ ਗਈ ਹੈ। ਮੁੱਖ ਚੋਣ ਅਧਿਕਾਰੀ ਸ੍ਰੀਮਤੀ ਅਨੰਦਿਤਾ ਮਿਤਰਾ ਅਨੁਸਾਰ, ਸੂਬੇ ਭਰ ਵਿੱਚ ਐਸ.ਆਈ.ਆਰ. ਨਾਲ ਸਬੰਧਿਤ ਕਾਰਜਾਂ ਦੀ ਡਿਜੀਟਲ ਪ੍ਰਕਿਰਿਆ ਸਫਲਤਾਪੂਰਵਕ ਮੁਕੰਮਲ ਕਰ ਲਈ ਗਈ ਹੈ, ਜਿਸ ਨਾਲ ਵੋਟਰ ਸੂਚੀਆਂ ਦੀ ਤਿਆਰੀ ਅਤੇ ਤਸਦੀਕ ਹੋਰ ਪ੍ਰਭਾਵਸ਼ਾਲੀ ਬਣੀ ਹੈ।

ਉਨ੍ਹਾਂ ਦੱਸਿਆ ਕਿ ਚੋਣ ਅਮਲੇ ਨੇ ਘਰ-ਘਰ ਜਾ ਕੇ ਵੋਟਰਾਂ ਦੇ ਵੇਰਵਿਆਂ ਦੀ ਜਾਂਚ, ਜਨ-ਗਣਨਾ ਫਾਰਮਾਂ ਦੀ ਤਸਦੀਕ ਅਤੇ ਲੋੜੀਂਦੇ ਅਪਡੇਟ ਕਰਨ ਦਾ ਕੰਮ ਨਿਰਧਾਰਿਤ ਸਮੇਂ ਵਿੱਚ ਪੂਰਾ ਕੀਤਾ। ਸੂਬੇ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਇਕੱਠੇ ਕੀਤੇ ਗਏ ਡਾਟੇ ਨੂੰ ਡਿਜੀਟਲ ਪ੍ਰਣਾਲੀ ਰਾਹੀਂ ਅਪਲੋਡ ਅਤੇ ਤਸਦੀਕ ਕੀਤਾ ਗਿਆ, ਜਿਸ ਨਾਲ ਰਿਕਾਰਡ ਪ੍ਰਬੰਧਨ ਵਿੱਚ ਇਕਸਾਰਤਾ ਅਤੇ ਸ਼ੁੱਧਤਾ ਯਕੀਨੀ ਬਣੀ।



ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਡਿਜੀਟਲ ਪ੍ਰਣਾਲੀ ਨਾਲ ਨਾ ਸਿਰਫ਼ ਵੋਟਰਾਂ ਦੇ ਵੇਰਵਿਆਂ ਦੀ ਜਾਂਚ ਅਤੇ ਅਪਡੇਟ ਤੇਜ਼ੀ ਨਾਲ ਹੋਈ ਹੈ, ਸਗੋਂ ਹਰ ਪੜਾਅ ਦੀ ਰੀਅਲ-ਟਾਈਮ ਨਿਗਰਾਨੀ ਵੀ ਸੰਭਵ ਹੋਈ ਹੈ। ਇਸ ਨਾਲ ਮਨੁੱਖੀ ਗਲਤੀਆਂ ਦੀ ਸੰਭਾਵਨਾ ਘਟਦੀ ਹੈ ਅਤੇ ਪੂਰੀ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਵਧਦੀ ਹੈ।

ਉਨ੍ਹਾਂ ਕਿਹਾ ਕਿ ਐਸ.ਆਈ.ਆਰ. ਦਾ ਮੁੱਖ ਉਦੇਸ਼ ਚੋਣੀ ਸੂਚੀਆਂ ਨੂੰ ਹੋਰ ਸਟੀਕ, ਅੱਪ-ਟੂ-ਡੇਟ ਅਤੇ ਭਰੋਸੇਯੋਗ ਬਣਾਉਣਾ ਹੈ, ਤਾਂ ਜੋ ਹਰ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਹੋਵੇ ਅਤੇ ਗੈਰ-ਯੋਗ ਜਾਂ ਦੁਹਰਾਏ ਦਰਜਾਂ ਨੂੰ ਦੂਰ ਕੀਤਾ ਜਾ ਸਕੇ। ਇਸ ਮੰਤਵ ਲਈ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਡਾਟਾ ਐਂਟਰੀ, ਤਸਦੀਕ ਅਤੇ ਰਿਕਾਰਡ ਅੱਪਡੇਟ ਦਾ ਕੰਮ ਡਿਜੀਟਲ ਮਾਧਿਅਮ ਰਾਹੀਂ ਕੀਤਾ ਗਿਆ।

ਸ੍ਰੀਮਤੀ ਅਨੰਦਿਤਾ ਮਿਤਰਾ ਨੇ ਦੱਸਿਆ ਕਿ ਚੋਣ ਕਮਿਸ਼ਨ ਆਧੁਨਿਕ ਤਕਨੀਕ ਦੇ ਵੱਧ ਤੋਂ ਵੱਧ ਇਸਤੇਮਾਲ ਲਈ ਲਗਾਤਾਰ ਕਦਮ ਚੁੱਕ ਰਿਹਾ ਹੈ। ਡਿਜੀਟਲ ਪਲੇਟਫਾਰਮਾਂ ਦੀ ਵਰਤੋਂ ਨਾਲ ਵੋਟਰਾਂ ਨੂੰ ਬਿਹਤਰ ਅਤੇ ਤੇਜ਼ ਸੇਵਾਵਾਂ ਪ੍ਰਦਾਨ ਕਰਨ ਦੇ ਨਾਲ-ਨਾਲ ਚੋਣ ਪ੍ਰਬੰਧਨ ਨੂੰ ਹੋਰ ਮਜ਼ਬੂਤ, ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣ ਵੱਲ ਮਹੱਤਵਪੂਰਨ ਤਰੱਕੀ ਹੋਈ ਹੈ।

## ਕਾਂਗਰਸ ਬੌਖਲਾਈ ਹੋਈ ਹੈ, ਅੰਦਰੂਨੀ ਕਲੇਸ਼ ’ਚ ਉਲਝੀ: ਭਗਵੰਤ ਮਾਨ ਦਾ ਤੰਜ

**ਚੰਡੀਗੜ੍ਹ, 3 ਅਗਸਤ**
**-ਸੰਜੀਵ ਸਿੰਗਲਾ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਨੂੰ ਸੂਬਾ ਕਾਂਗਰਸ ਵਿੱਚ ਚੱਲ ਰਹੀ ਅੰਦਰੂਨੀ ਖਿੱਚੋਤਾਣ ’ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਬੌਖਲਾ ਗਈ ਹੈ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਪਰ ਕਾਂਗਰਸੀ ਨੇਤਾ ਪੰਜਾਬ ਦੇ ਮੁੱਦਿਆਂ ’ਤੇ ਗੱਲ ਕਰਨ ਦੀ ਬਜਾਏ ਆਪਣੀ ਆਪਸੀ ਲੜਾਈ ਵਿੱਚ ਰੁੱਝੇ ਹੋਏ ਹਨ। ਮੁੱਖ ਮੰਤਰੀ ਮਾਨ ਨੇ ਦਾਅਵਾ ਕੀਤਾ ਕਿ ਸੂਬੇ ਦੇ ਲੋਕ ਪਾਰਟੀ ਦੇ ਇਸ ਕਲੇਸ਼ ਨੂੰ ਦੇਖ ਰਹੇ ਹਨ ਅਤੇ 2027 ਵਿੱਚ ਆਮ ਆਦਮੀ ਪਾਰਟੀ ਨੂੰ ਇੱਕ ਵਾਰ ਫਿਰ ਭਾਰੀ ਬਹੁਮਤ ਨਾਲ ਜਿਤਾ ਕੇ ਸੱਤਾ ਵਿੱਚ ਲਿਆਉਣਗੇ।

ਇਹ ਬਿਆਨ ਉਸ ਘਟਨਾ ਤੋਂ ਬਾਅਦ ਆਇਆ ਹੈ ਜਦੋਂ ਬਠਿੰਡਾ ਵਿੱਚ ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਅਤੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਮੌਜੂਦਗੀ ਵਿੱਚ ਇੱਕ ਜਨਤਕ ਮੀਟਿੰਗ ਦੌਰਾਨ ਚਰਨਜੀਤ ਸਿੰਘ ਚੰਨੀ ਦੇ ਸਮਰਥਕਾਂ ਨੇ ਭਾਰੀ ਹੰਗਾਮਾ ਕਰ ਦਿੱਤਾ। ਜਿਵੇਂ ਹੀ ਰਾਜਾ ਵੜਿੰਗ ਨੇ ਸੰਬੋਧਨ ਕਰਨਾ ਸ਼ੁਰੂ ਕੀਤਾ, ਸਮਰਥਕਾਂ ਨੇ ਚੰਨੀ ਨੂੰ 2027 ਦੀਆਂ ਚੋਣਾਂ ਲਈ ਮੁੱਖ ਮੰਤਰੀ ਦਾ ਚਿਹਰਾ ਐਲਾਨਣ ਦੀ ਮੰਗ ਕਰਦਿਆਂ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਮਾਹੌਲ ਇੰਨਾ ਗਰਮਾ ਗਿਆ ਕਿ ਕੁਝ ਲੋਕਾਂ ਨੇ ਕੁਰਸੀਆਂ ਤੱਕ ਚੁੱਕ ਲਈਆਂ। ਸਥਿਤੀ ਨੂੰ ਸੰਭਾਲਣ ਲਈ ਰਾਜਾ ਵੜਿੰਗ ਨੇ ਇੱਕ ਸਮਰਥਕ ਨੂੰ ਸਟੇਜ ’ਤੇ ਬੁਲਾ ਕੇ ਚੰਨੀ ਨਾਲ ਫ਼ੋਨ ’ਤੇ ਗੱਲ ਕਰਵਾਉਣ ਦੀ ਪੇਸ਼ਕਸ਼ ਕੀਤੀ ਅਤੇ ਪਾਰਟੀ ਵਿੱਚ ਏਕਤਾ ਬਣਾਏ ਰੱਖਣ ਦੀ ਅਪੀਲ ਕੀਤੀ।



ਦੂਜੇ ਪਾਸੇ, ਪੰਜਾਬ ਵਿਧਾਨ ਸਭਾ ਦੇ ਮਾਨਸੂਨ ਸੈਸ਼ਨ ਦੌਰਾਨ ਵੀ ਰਾਜਨੀਤਿਕ ਪਾਰਾ ਗਰਮ ਰਿਹਾ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਅਗਵਾਈ ਹੇਠ ਕਾਂਗਰਸੀ ਵਿਧਾਇਕਾਂ ਨੇ ਵਿਧਾਨ ਸਭਾ ਦੇ ਬਾਹਰ ਪ੍ਰਦਰਸ਼ਨ ਕੀਤਾ। ਬਾਜਵਾ ਨੇ ਦੋਸ਼ ਲਗਾਇਆ ਕਿ ਪਿਛਲੇ ਸਾਢੇ ਚਾਰ ਸਾਲਾਂ ਵਿੱਚ ਛੇ ਵਾਰ ਪ੍ਰੀਖਿਆ ਪੇਪਰ ਲੀਕ ਹੋ ਚੁੱਕੇ ਹਨ, ਜਿਸ ਨਾਲ ਲੱਖਾਂ ਵਿਦਿਆਰਥੀਆਂ ਦਾ ਭਵਿੱਖ ਖਤਰੇ ਵਿੱਚ ਪੈ ਗਿਆ ਹੈ। ਉਨ੍ਹਾਂ ਨੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸਿਹਤ ਮੰਤਰੀ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਦੋਸ਼ ਲਗਾਇਆ ਕਿ ’ਆਪ’ ਸਰਕਾਰ ਦੇ ਰਾਜ ਵਿੱਚ ਕਾਨੂੰਨ ਵਿਵਸਥਾ ਅਤੇ ਪ੍ਰਸ਼ਾਸਨਿਕ ਢਾਂਚਾ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕਾ ਹੈ। ਇਨ੍ਹਾਂ ਸਾਰੇ ਸਿਆਸੀ ਘਟਨਾਕ੍ਰਮਾਂ ਦੇ ਵਿਚਕਾਰ, 2022 ਵਿੱਚ ਵੱਡੀ ਜਿੱਤ ਦਰਜ ਕਰਨ ਵਾਲੀ ਆਮ ਆਦਮੀ ਪਾਰਟੀ ਸਮੇਤ ਕਾਂਗਰਸ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਅਗਲੀਆਂ ਵਿਧਾਨ ਸਭਾ ਚੋਣਾਂ ਲਈ ਆਪਣੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ।

## ਮੈਂ ਅਸਤੀਫ਼ਾ ਨਹੀਂ ਦੇਵਾਂਗਾ: ਰਾਜਾ ਵੜਿੰਗ

**ਬਠਿੰਡਾ, 3 ਅਗਸਤ**
**-ਗੁਰਤੇਜ ਅਤਲਾ-**

ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਸਾਫ਼ ਕਰ ਦਿੱਤਾ ਕਿ ਉਹ ਅਹੁਦੇ ਤੋਂ ਨਹੀਂ ਹਟਣਗੇ, ਪਰ ਜੇਕਰ ਪਾਰਟੀ ਹਾਈਕਮਾਨ ਉਨ੍ਹਾਂ ਨੂੰ ਬਦਲਣ ਦਾ ਫ਼ੈਸਲਾ ਕਰਦੀ ਹੈ, ਤਾਂ ਵੀ ਉਹ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਕੰਮ ਕਰਦੇ ਰਹਿਣਗੇ।

ਇੱਥੇ ਇੱਕ ਸਵਾਲ ਦਾ ਜਵਾਬ ਦਿੰਦਿਆਂ ਵੜਿੰਗ ਨੇ ਕਿਹਾ, ਪਿਛਲੇ ਚਾਰ ਸਾਲਾਂ ਤੋਂ ਮੈਂ ਪਾਰਟੀ ਲਈ ਪੂਰੇ ਦਿਲ ਨਾਲ ਕੰਮ ਕੀਤਾ ਹੈ। ਕਾਂਗਰਸ ਨੇ ਪੰਜਾਬ ਵਿੱਚ ਸੱਤ ਲੋਕ ਸਭਾ ਸੀਟਾਂ ਜਿੱਤੀਆਂ ਹਨ। ਜੇਕਰ ਮੈਨੂੰ ਹਟਾਇਆ ਜਾਂਦਾ ਹੈ, ਤਾਂ ਮੈਂ ਪਾਰਟੀ ਦੀ ਤਾਕਤ ਲਈ ਖ਼ੁਸ਼ੀ ਨਾਲ ਕੰਮ ਕਰਾਂਗਾ।



ਇਹ ਗੱਲ ਜ਼ੋਰ ਦੇ ਕੇ ਕਹਿੰਦਿਆਂ ਕਿ ਅਹੁਦੇ ਅਸਥਾਈ ਹੁੰਦੇ ਹਨ, ਵੜਿੰਗ ਨੇ ਟਿੱਪਣੀ ਕੀਤੀ, ਸਿਖਰ ’ਤੇ ਪਹੁੰਚਣਾ ਇੱਕ ਪ੍ਰਾਪਤੀ ਹੈ, ਪਰ ਕੋਈ ਵੀ ਸਦਾ ਲਈ ਸਿਖਰ ’ਤੇ ਨਹੀਂ ਰਹਿੰਦਾ।

ਵੜਿੰਗ ਦੀਆਂ ਇਹ ਟਿੱਪਣੀਆਂ ’ਹਰ ਬੂਥ, ਕਾਂਗਰਸ ਮਜ਼ਬੂਤ’ ਪ੍ਰੋਗਰਾਮਾਂ ਦੌਰਾਨ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਮਰਥਨ ਵਿੱਚ ਵਾਰ-ਵਾਰ ਲੱਗ ਰਹੇ ਨਾਅਰਿਆਂ ਵਿਚਕਾਰ ਆਈਆਂ ਹਨ।

ਇਸ ਦੌਰਾਨ, ਪੰਜਾਬ ਕਾਂਗਰਸ ਦੇ ਇੰਚਾਰਜ ਏ ਆਈ ਸੀ ਸੀ ਜਨਰਲ ਸਕੱਤਰ ਭੂਪੇਸ਼ ਬਘੇਲ ਨੇ ਕਿਹਾ ਕਿ ਪਾਰਟੀ ਲੀਡਰਸ਼ਿਪ ਇੱਕਜੁੱਟ ਹੈ। ਬਘੇਲ ਨੇ ਕਿਹਾ, ਸਾਡੇ ਪਾਰਟੀ ਪ੍ਰੋਗਰਾਮਾਂ ਵਿੱਚ ਸਾਡੇ ਪਾਰਟੀ ਆਗੂਆਂ ਦੇ ਨਾਅਰੇ ਲੱਗ ਰਹੇ ਹਨ, ਜੋ ਕਿ ਇੱਕ ਚੰਗੀ ਗੱਲ ਹੈ।

## ਪੰਜਾਬ ਸਰਕਾਰ 15 ਦਿਨਾਂ ’ਚ ਮੁਲਾਜ਼ਮਾਂ ਨੂੰ DA ਦੇਵੇ, ਅਦਾਲਤ ਨੇ ਸਰਕਾਰ ਨੂੰ ਦਿੱਤਾ ਆਦੇਸ਼

**ਚੰਡੀਗੜ੍ਹ, 3 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸੋਮਵਾਰ ਨੂੰ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੂੰ 15 ਦਿਨਾਂ ਦੇ ਅੰਦਰ 800,000 ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਮਹਿੰਗਾਈ ਭੱਤਾ (ਡੀਏ) ਜਾਰੀ ਕਰਨ ਦਾ ਹੁਕਮ ਦਿੱਤਾ ਹੈ। ਕਰਮਚਾਰੀ 2023 ਤੋਂ ਡੀਏ ਭੁਗਤਾਨ ਵਿੱਚ ਦੇਰੀ ਹੋਣ ਤੋਂ ਪਰੇਸ਼ਾਨ ਸਨ। ਅਦਾਲਤ ਤੋਂ ਲਿਖਤੀ ਆਦੇਸ਼ ਦੀ ਅਜੇ ਵੀ ਉਡੀਕ ਹੈ। ਹਾਲਾਂਕਿ, ਪੰਜਾਬ ਸਰਕਾਰ ਡੀਏ ਭੁਗਤਾਨਾਂ ਦਾ ਲਗਾਤਾਰ ਵਿਰੋਧ ਕਰ ਰਹੀ ਹੈ ਅਤੇ ਹੁਣ ਸੁਪਰੀਮ ਕੋਰਟ ਤੱਕ ਪਹੁੰਚ ਕਰ ਸਕਦੀ ਹੈ।

ਐਡਵੋਕੇਟ ਸੰਨੀ ਸਿੰਗਲਾ ਨੇ ਕਿਹਾ ਕਿ ਅਦਾਲਤ ਨੇ ਫੈਸਲਾ ਸੁਣਾਇਆ ਹੈ ਕਿ ਜੇਕਰ ਇਸ ਮਹੀਨੇ ਦੇ ਅੰਤ ਤੱਕ ਭੁਗਤਾਨ ਨਹੀਂ ਕੀਤਾ ਜਾਂਦਾ ਤਾਂ ਸਰਕਾਰ ਨੂੰ 6% ਵਿਆਜ ਵੀ ਦੇਣਾ ਪਵੇਗਾ। ਸਰਕਾਰ ਨੇ ਅਦਾਲਤ ਵਿੱਚ ਦਲੀਲ ਦਿੱਤੀ ਕਿ ਉਸਨੇ 18-06-2021 ਦੀ ਰਿਪੋਰਟ ਨੂੰ ਸਵੀਕਾਰ ਨਹੀਂ ਕੀਤਾ ਹੈ। ਹਾਲਾਂਕਿ, 18-02-2025 ਦੇ ਤਹਿਤ ਇੱਕ ਯੋਜਨਾ ਪੇਸ਼ ਕੀਤੀ ਗਈ ਹੈ। ਸਰਕਾਰ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਹਾਈ-ਪੇ ਮਾਸਟਰ ਹੈ, ਇਸ ਲਈ ਕਰਮਚਾਰੀਆਂ ਨੂੰ ਡੀਏ ਦੀ ਲੋੜ ਨਹੀਂ ਹੈ। ਐਡਵੋਕੇਟ ਨੇ ਸਮਝਾਇਆ ਕਿ ਡੀਏ ਵੀ 01-01-2016 ਤੋਂ ਰੋਕਿਆ ਗਿਆ ਹੈ। ਅਦਾਲਤ ਨੇ ਹੁਕਮ ਦਿੱਤਾ ਕਿ ਇਸਨੂੰ ਇਸ ਮਹੀਨੇ ਜਾਰੀ ਕੀਤਾ ਜਾਵੇ। ਮੁੱਖ ਸਕੱਤਰ ਨੂੰ ਰਜਿਸਟਰੀ ਨੂੰ ਇੱਕ ਪਾਲਣਾ ਰਿਪੋਰਟ ਜਮ੍ਹਾਂ ਕਰਾਉਣ ਦਾ ਵੀ ਹੁਕਮ ਦਿੱਤਾ ਗਿਆ ਸੀ। ਸਰਕਾਰ ਨੂੰ ਇਹ ਵੀ ਹਦਾਇਤ ਕੀਤੀ ਗਈ ਸੀ ਕਿ ਉਹ ਵਾਧੂ ਖਰਚਾ ਨਾ ਕਰੇ।




ਇਸ ਮੌਕੇ ’ਤੇ, ਕਰਮਚਾਰੀ ਯੂਨੀਅਨ ਦੇ ਵਕੀਲ, ਸੰਨੀ ਸਿੰਗਲਾ ਨੇ ਕਿਹਾ ਕਿ ਉਨ੍ਹਾਂ ਨੇ ਦਲੀਲ ਦਿੱਤੀ ਸੀ ਕਿ ਪੰਜਾਬ ਸਰਕਾਰ ਆਪਣੇ ਕਰਮਚਾਰੀਆਂ ਅਤੇ ਪੈਨਸ਼ਨਰਾਂ ਨੂੰ ਕੇਂਦਰ ਸਰਕਾਰ ਦੇ ਪੈਟਰਨ ਅਨੁਸਾਰ ਮਹਿੰਗਾਈ ਭੱਤਾ (ਡੀਏ) ਜਾਰੀ ਕਰਨ ਲਈ ਜ਼ਿੰਮੇਵਾਰ ਹੈ। ਸੁਣਵਾਈ ਦੌਰਾਨ, ਰਾਜ ਸਰਕਾਰ ਨੇ ਦਲੀਲ ਦਿੱਤੀ ਕਿ ਉਹ ਪਹਿਲਾਂ ਹੀ ਕਰਮਚਾਰੀਆਂ ਨੂੰ ਹਾਈ ਪੇ ਸਕੇਲ ਦਿੰਦੀ ਹੈ।




## ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਤੇ ਭਾਵਨਾ ਨਾਲ ਮਨਾ ਰਹੀ ਹੈ ਪੰਜਾਬ ਸਰਕਾਰ: ਤਰੁਨਪ੍ਰੀਤ ਸਿੰਘ ਸੌਂਦ

**ਚੰਡੀਗੜ੍ਹ, 3 ਅਗਸਤ**
**-ਸੰਜੀਵ ਸਿੰਗਲਾ-**

ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਅੱਜ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਜਸ਼ਨਾਂ ਤਹਿਤ ਚੱਲ ਰਹੇ ਸਮਾਗਮਾਂ ਅਤੇ ਆਗਾਮੀ ਪ੍ਰੋਗਰਾਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਨਾਲ ਹੀ ਸਾਰੇ ਸਬੰਧਤ ਵਿਭਾਗਾਂ ਨੂੰ ਪ੍ਰੋਗਰਾਮਾਂ ਦੇ ਸਫ਼ਲਤਾ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਅੱਜ ਇੱਥੇ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਨ ਪੁੱਜੇ ਕੈਬਨਿਟ ਮੰਤਰੀ ਨੂੰ ਦੱਸਿਆ ਗਿਆ ਕਿ ਗੁਰੂ ਰਵਿਦਾਸ ਜੀ ਨੂੰ ਸਮਰਪਿਤ ਯਾਦਗਾਰੀ ਜਸ਼ਨਾਂ ਵਜੋਂ ਜੁਲਾਈ ਤੋਂ ਨਵੰਬਰ ਤੱਕ ਸੂਬੇ ਭਰ ਵਿੱਚ ਇੱਕ ਲੜੀ ਤਹਿਤ ਧਾਰਮਿਕ, ਸੱਭਿਆਚਾਰਕ, ਵਿੱਦਿਅਕ ਅਤੇ ਹੋਰ ਪ੍ਰੋਗਰਾਮ ਕਰਵਾਏ ਜਾ ਰਹੇ ਹਨ।



ਇਸ ਮੀਟਿੰਗ ਵਿੱਚ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਪੰਜਾਬ ਵਿਰਾਸਤ ਅਤੇ ਸੈਰ-ਸਪਾਟਾ ਵਿਕਾਸ ਬੋਰਡ ਦੇ ਸਲਾਹਕਾਰ ਸ੍ਰੀ ਦੀਪਕ ਬਾਲੀ ਤੋਂ ਇਲਾਵਾ ਮਾਹਰ ਪੈਨਲ ਤੋਂ ਸੰਤ ਪ੍ਰਦੀਪ ਦਾਸ ਜੀ ਡੇਰਾ ਬੱਲਾਂ, ਸੰਤ ਨਿਰਮਲ ਦਾਸ ਜੀ ਜਲੰਧਰ, ਸੰਤ ਕੇਵਲ ਸਿੰਘ ਜੀ ਤਪ ਅਸਥਾਨ ਖੁਰਾਲਗੜ੍ਹ, ਸੰਤ ਸਤਵਿੰਦਰ ਸਿੰਘ ਹੀਰਾ ਚਰਨ ਛੋਹ ਗੰਗਾ ਖੁਰਾਲਗੜ੍ਹ, ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਡਾ. ਮਨਜਿੰਦਰ ਸਿੰਘ ਅਤੇ ਅੰਮ੍ਰਿਤਸਰ ਤੋਂ ਡਾ. ਰਾਜ ਕੁਮਾਰ ਹੰਸ ਵੀ ਸ਼ਾਮਲ ਹੋਏ।

ਮੀਟਿੰਗ ਦੌਰਾਨ ਇਹ ਵੀ ਦੱਸਿਆ ਗਿਆ ਕਿ ਪੰਜਾਬ ਭਰ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਵਿੱਚ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਅਤੇ ਵਿਰਾਸਤ ਬਾਰੇ ਸੈਮੀਨਾਰ ਅਤੇ ਵਰਕਸ਼ਾਪਾਂ ਕਰਵਾਈਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਬਰਾਬਰੀ, ਸਮਾਜਿਕ ਨਿਆਂ ਅਤੇ ਭਾਈਚਾਰੇ ਦਾ ਸੁਨੇਹਾ ਖ਼ਲਕਤ ਤੱਕ ਪਹੁੰਚਾਉਣ ਲਈ ਵੱਖ-ਵੱਖ ਥਾਵਾਂ ’ਤੇ ਵਿਸ਼ੇਸ਼ ਕੀਰਤਨ ਦਰਬਾਰ ਵੀ ਕਰਵਾਏ ਜਾ ਰਹੇ ਹਨ।

ਜਸ਼ਨਾਂ ਦੇ ਹਿੱਸੇ ਵਜੋਂ ਪੰਜਾਬ ਭਰ ਵਿੱਚ 650 ਏਕੜ ਜ਼ਮੀਨ ’ਤੇ ਗੁਰੂ ਰਵਿਦਾਸ ਜੀ ਦੀਆਂ ਬਗੀਚੀਆਂ ਸਥਾਪਿਤ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ 6.50 ਲੱਖ ਬੂਟੇ ਲਗਾਉਣ ਅਤੇ 6.50 ਲੱਖ ਯਾਦਗਾਰੀ ਝੰਡੇ ਵੰਡਣ ਸਬੰਧੀ ਮੁਹਿੰਮ ਵੀ ਚਲਾਈ ਜਾ ਰਹੀ ਹੈ। ਸਾਰੇ ਜ਼ਿਲ੍ਹਾ ਹੈੱਡਕੁਆਰਟਰਾਂ ਵਿਖੇ ‘ਰਨ ਫਾਰ ਇਕੁਐਲਟੀ’ ਮੈਰਾਥਨ ਅਤੇ ਸੂਬੇ ਭਰ ਵਿੱਚ ਸਾਈਕਲ ਰੈਲੀਆਂ ਕਰਵਾਉਣ ਦੀ ਯੋਜਨਾ ਹੈ।

ਮੰਤਰੀ ਨੂੰ ਦੱਸਿਆ ਗਿਆ ਕਿ ਅਕਤੂਬਰ ਮਹੀਨੇ ਦੇ ਪਹਿਲੇ ਹਫ਼ਤੇ ਵਾਰਾਣਸੀ, ਫ਼ਰੀਦਕੋਟ, ਬਠਿੰਡਾ ਅਤੇ ਜੰਮੂ ਤੋਂ ਸ੍ਰੀ ਖੁਰਾਲਗੜ੍ਹ ਸਾਹਿਬ ਤੱਕ ਚਾਰ ਸ਼ੋਭਾ ਯਾਤਰਾਵਾਂ ਕੱਢੀਆਂ ਜਾਣਗੀਆਂ। ਇਸ ਤੋਂ ਬਾਅਦ 9 ਤੋਂ 11 ਅਕਤੂਬਰ ਤੱਕ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਤਿੰਨ ਰੋਜ਼ਾ ਰਾਜ ਪੱਧਰੀ ਸਮਾਗਮ ਹੋਵੇਗਾ, ਜਿਸ ਵਿੱਚ ਗੁਰੂ ਰਵਿਦਾਸ ਜੀ ਦੇ ਜੀਵਨ ਬਾਰੇ ਪ੍ਰਦਰਸ਼ਨੀਆਂ, ਕਥਾ ਅਤੇ ਕੀਰਤਨ ਦਰਬਾਰ, ਸੰਤ ਸੰਮੇਲਨ, ਗੁਰੂ ਰਵਿਦਾਸ ਜੀ ਦੀ ਬਾਣੀ ’ਤੇ ਅਧਾਰਤ ਕਾਨਫਰੰਸਾਂ, ਬੇਗਮਪੁਰਾ ਸਮਾਗਮ ਅਤੇ ਮੀਨਾਰ-ਏ-ਬੇਗਮਪੁਰਾ ਵਿਖੇ ਥ੍ਰੀ-ਡੀ ਪ੍ਰੋਜੈਕਸ਼ਨ ਸ਼ੋਅ ਵੀ ਕਰਵਾਏ ਜਾਣਗੇ।

ਇਨ੍ਹਾਂ ਸਮਾਗਮਾਂ ਸਬੰਧੀ ਤਿਆਰੀਆਂ ਦਾ ਡੂੰਘਾਈ ਨਾਲ ਜਾਇਜ਼ਾ ਲੈਂਦਿਆਂ ਸੌਂਦ ਨੇ ਸਾਰੇ ਵਿਭਾਗਾਂ ਨੂੰ ਸ਼ਰਧਾਲੂਆਂ ਅਤੇ ਸੈਲਾਨੀਆਂ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਲਈ ਸਹੀ ਤਾਲਮੇਲ ਕਰਕੇ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਸਾਰੇ ਪ੍ਰੋਗਰਾਮਾਂ ਦੌਰਾਨ ਰਿਹਾਇਸ਼, ਸੈਨੀਟੇਸ਼ਨ, ਪੀਣ ਵਾਲੇ ਪਾਣੀ, ਆਵਾਜਾਈ, ਸੁਰੱਖਿਆ, ਟ੍ਰੈਫਿਕ ਪ੍ਰਬੰਧਨ, ਡਾਕਟਰੀ ਸਹਾਇਤਾ ਅਤੇ ਹੋਰ ਜ਼ਰੂਰੀ ਜਨਤਕ ਸੇਵਾਵਾਂ ਲਈ ਢੁਕਵੇਂ ਪ੍ਰਬੰਧ ਕਰਨ ਦੇ ਵੀ ਨਿਰਦੇਸ਼ ਦਿੱਤੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਢੁਕਵੇਂ, ਮਾਣਮੱਤੇ ਅਤੇ ਯਾਦਗਾਰੀ ਢੰਗ ਨਾਲ ਮਨਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਾਲ ਭਰ ਚੱਲਣ ਵਾਲੇ ਇਹ ਜਸ਼ਨ ਗੁਰੂ ਰਵਿਦਾਸ ਜੀ ਦੀਆਂ ਸਮਾਨਤਾ, ਭਾਈਚਾਰਕ-ਸਾਂਝ, ਦਇਆ ਅਤੇ ਹਲੀਮੀ ਦੀਆਂ ਸਦੀਵੀ ਸਿੱਖਿਆਵਾਂ ਨੂੰ ਲੋਕਾਂ, ਵਿਸ਼ੇਸ਼ ਕਰਕੇ ਨੌਜਵਾਨ ਪੀੜ੍ਹੀ ਵਿੱਚ ਪਹੁੰਚਾਉਣ ਵਿੱਚ ਮਦਦ ਕਰਨਗੇ।

ਉਨ੍ਹਾਂ ਅਧਿਕਾਰੀਆਂ ਨੂੰ ਤਿਆਰੀਆਂ ਦੀ ਪ੍ਰਗਤੀ ਦੀ ਨਿਯਮਤ ਨਜ਼ਰਸਾਨੀ ਕਰਨ ਅਤੇ ਹਰੇਕ ਸਮਾਗਮ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੱਤੇ ਤਾਂ ਜੋ ਦੇਸ਼ ਭਰ ਦੀਆਂ ਸੰਗਤਾਂ ਲਈ ਸੁਵਿਧਾ ਅਤੇ ਸ਼ਰਧਾਪੂਰਵਕ ਜਸ਼ਨਾ ਵਿੱਚ ਸ਼ਾਮਲ ਹੋਣਾ ਯਕੀਨੀ ਬਣਾਇਆ ਜਾ ਸਕੇ। ਮੀਟਿੰਗ ਦੌਰਾਨ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਕੱਤਰ ਕੁਮਾਰ ਅਮਿਤ, ਸੂਚਨਾ ਅਤੇ ਲੋਕ ਸੰਪਰਕ ਦੇ ਸਕੱਤਰ ਪੁਨੀਤ ਗੋਇਲ, ਸਿੱਖਿਆ ਸਕੱਤਰ ਸੋਨਾਲੀ ਗਿਰੀ, ਸੈਰ-ਸਪਾਟਾ ਵਿਭਾਗ ਦੇ ਡਾਇਰੈਕਟਰ ਸੰਜੀਵ ਤਿਵਾੜੀ, ਉਚੇਰੀ ਸਿੱਖਿਆ ਵਿਭਾਗ ਦੇ ਡਾਇਰੈਕਟਰ ਕੁਲਵੰਤ ਸਿੰਘ ਅਤੇ ਮਾਹਿਰ ਕਮੇਟੀ ਦੇ ਮੈਂਬਰ ਵੀ ਮੌਜੂਦ ਸਨ।

# ਸੰਪਾਦਕੀ

## ਪੰਜਾਬ ਦੀ ਪਰਵਾਸੀ ਸਿਆਸਤ: ਬਦਲਦੇ ਵੋਟ ਬੈਂਕ ਅਤੇ ਨਵੇਂ ਰਾਜਨੀਤਿਕ ਸਮੀਕਰਨ

ਪੰਜਾਬ ਦੀ ਰਾਜਨੀਤੀ ਹੁਣ ਸਿਰਫ਼ ਰਵਾਇਤੀ ਜਾਤੀ, ਖੇਤਰੀ ਜਾਂ ਪੰਥਕ ਸਮੀਕਰਨਾਂ ਤੱਕ ਸੀਮਤ ਨਹੀਂ ਰਹੀ। ਪਿਛਲੇ ਦੋ ਦਹਾਕਿਆਂ ਵਿੱਚ ਸੂਬੇ ਦੇ ਜਨਸੰਖਿਆਕ ਢਾਂਚੇ ਵਿੱਚ ਆਈਆਂ ਤਬਦੀਲੀਆਂ ਨੇ ਚੋਣੀ ਰਾਜਨੀਤੀ ਨੂੰ ਵੀ ਨਵਾਂ ਰੂਪ ਦੇਣਾ ਸ਼ੁਰੂ ਕਰ ਦਿੱਤਾ ਹੈ। ਇੱਕ ਪਾਸੇ ਦੂਜੇ ਰਾਜਾਂ ਤੋਂ ਆਏ ਲੱਖਾਂ ਮਜ਼ਦੂਰ ਪੰਜਾਬ ਦੀ ਆਰਥਿਕਤਾ ਦਾ ਅਟੁੱਟ ਹਿੱਸਾ ਬਣ ਚੁੱਕੇ ਹਨ, ਜਦਕਿ ਦੂਜੇ ਪਾਸੇ ਵਿਦੇਸ਼ਾਂ ਵਿੱਚ ਵੱਸਦਾ ਪੰਜਾਬੀ ਭਾਈਚਾਰਾ ਵੀ ਆਰਥਿਕ, ਸਮਾਜਿਕ ਅਤੇ ਵਿਚਾਰਧਾਰਕ ਪੱਧਰ 'ਤੇ ਸੂਬੇ ਦੀ ਰਾਜਨੀਤੀ ਉੱਤੇ ਆਪਣਾ ਪ੍ਰਭਾਵ ਬਣਾਈ ਰੱਖਿਆ ਹੋਇਆ ਹੈ।

ਅੱਜ ਪੰਜਾਬ ਦੇ ਕਈ ਸ਼ਹਿਰਾਂ ਅਤੇ ਉਦਯੋਗਿਕ ਖੇਤਰਾਂ ਵਿੱਚ ਬਾਹਰਲੇ ਰਾਜਾਂ ਤੋਂ ਆਏ ਲੋਕ ਲੰਬੇ ਸਮੇਂ ਤੋਂ ਰਹਿ ਰਹੇ ਹਨ। ਸੰਵਿਧਾਨਕ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਜਿਨ੍ਹਾਂ ਲੋਕਾਂ ਨੇ ਆਪਣਾ ਸਥਾਈ ਨਿਵਾਸ ਅਤੇ ਵੋਟਰ ਰਜਿਸਟ੍ਰੇਸ਼ਨ ਪੰਜਾਬ ਵਿੱਚ ਕਰਵਾਈ ਹੈ, ਉਹ ਚੋਣ ਪ੍ਰਕਿਰਿਆ ਦਾ ਹਿੱਸਾ ਹਨ। ਇਸ ਕਾਰਨ ਕਈ ਵਿਧਾਨ ਸਭਾ ਅਤੇ ਨਗਰ ਨਿਗਮ ਹਲਕਿਆਂ ਵਿੱਚ ਇਹ ਵਰਗ ਇੱਕ ਪ੍ਰਭਾਵਸ਼ਾਲੀ ਵੋਟ ਬੈਂਕ ਵਜੋਂ ਉੱਭਰ ਰਿਹਾ ਹੈ। ਰਾਜਨੀਤਿਕ ਪਾਰਟੀਆਂ ਵੀ ਹੁਣ ਇਸ ਵਰਗ ਤੱਕ ਪਹੁੰਚ ਬਣਾਉਣ ਲਈ ਆਪਣੀਆਂ ਰਣਨੀਤੀਆਂ, ਚੋਣੀ ਵਾਅਦਿਆਂ ਅਤੇ ਜਨ-ਸੰਪਰਕ ਮੁਹਿੰਮਾਂ ਨੂੰ ਨਵੇਂ ਸਿਰੇ ਨਾਲ ਤਿਆਰ ਕਰ ਰਹੀਆਂ ਹਨ।

ਦੂਜੇ ਪਾਸੇ, ਵਿਦੇਸ਼ਾਂ ਵਿੱਚ ਵੱਸਦੇ ਲੱਖਾਂ ਪੰਜਾਬੀ ਵੀ ਸੂਬੇ ਦੀ ਰਾਜਨੀਤੀ ਤੋਂ ਪੂਰੀ ਤਰ੍ਹਾਂ ਦੂਰ ਨਹੀਂ ਹਨ। ਉਹ ਆਪਣੇ ਪਿੰਡਾਂ, ਪਰਿਵਾਰਾਂ ਅਤੇ ਸਮਾਜਿਕ ਸੰਸਥਾਵਾਂ ਨਾਲ ਜੁੜੇ ਰਹਿੰਦੇ ਹਨ। ਚੋਣਾਂ ਦੌਰਾਨ ਕਈ ਪ੍ਰਵਾਸੀ ਪੰਜਾਬੀ ਵੱਖ-ਵੱਖ ਰਾਜਨੀਤਿਕ ਪਾਰਟੀਆਂ ਜਾਂ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰਦੇ ਹਨ, ਸਮਾਜਿਕ ਮੁਹਿੰਮਾਂ ਨੂੰ ਸਹਿਯੋਗ ਦਿੰਦੇ ਹਨ ਅਤੇ ਆਪਣੇ ਪਰਿਵਾਰਾਂ ਅਤੇ ਸਮਰਥਕਾਂ ਰਾਹੀਂ ਲੋਕ ਰਾਇ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਦੇ ਹਨ। ਇਸ ਤਰ੍ਹਾਂ ਪੰਜਾਬ ਦੀ ਰਾਜਨੀਤੀ ਦਾ ਇੱਕ ਪੱਖ ਹੁਣ ਸੂਬੇ ਦੀਆਂ ਸਰਹੱਦਾਂ ਤੋਂ ਬਾਹਰ ਵੀ ਫੈਲ ਚੁੱਕਾ ਹੈ।

ਹਾਲਾਂਕਿ, ਇਸ ਬਦਲਦੇ ਰਾਜਨੀਤਿਕ ਦ੍ਰਿਸ਼ ਨਾਲ ਕੁਝ ਚੁਣੌਤੀਆਂ ਵੀ ਜੁੜੀਆਂ ਹੋਈਆਂ ਹਨ। ਰੁਜ਼ਗਾਰ, ਸ਼ਹਿਰੀਕਰਨ, ਜਨਸੰਖਿਆਕ ਤਬਦੀਲੀਆਂ, ਬਦਲਦੇ ਅਪਰਾਧਿਕ ਢੰਗ ਅਤੇ ਸਰਕਾਰੀ ਸਰੋਤਾਂ ਉੱਤੇ ਵਧਦੇ ਦਬਾਅ ਨੂੰ ਲੈ ਕੇ ਕਈ ਵਾਰ ਸਥਾਨਕ ਲੋਕਾਂ ਵਿੱਚ ਚਿੰਤਾ / ਤਲਖ਼ੀ ਦੇ ਸੁਰ ਸੁਣਾਈ ਦਿੰਦੇ ਹਨ। ਦੂਜੇ ਪਾਸੇ ਰਾਜਨੀਤਿਕ ਪਾਰਟੀਆਂ ਵੀ ਇਨ੍ਹਾਂ ਮੁੱਦਿਆਂ ਨੂੰ ਆਪਣੇ-ਆਪਣੇ ਨਜ਼ਰੀਏ ਨਾਲ ਪੇਸ਼ ਕਰਦੀਆਂ ਹਨ, ਜਿਸ ਕਾਰਨ ਕਈ ਵਾਰ ਜਨਤਕ ਬਹਿਸ ਤੱਥਾਂ ਦੀ ਬਜਾਏ ਭਾਵਨਾਵਾਂ ਵੱਲ ਮੁੜ ਜਾਂਦੀ ਹੈ।

ਪੰਜਾਬ ਦਾ ਪਰਵਾਸ ਅਤੇ ਵੋਟ ਬੈਂਕ ਦੀ ਰਾਜਨੀਤੀ ਨੂੰ ਸੰਵਿਧਾਨਕ ਅਧਿਕਾਰਾਂ, ਭਰੋਸੇਯੋਗ ਅੰਕੜਿਆਂ ਅਤੇ ਲੰਬੇ ਸਮੇਂ ਦੀਆਂ ਪੰਜਾਬ ਪੱਖੀ ਠੋਸ ਨੀਤੀਆਂ ਦੇ ਅਪਗ੍ਰੇਡਿਡ ਪ੍ਰਸੰਗ ਵਿੱਚ ਸਮਝਣ ਦੀ ਲੋੜ ਹੈ। ਪੰਜਾਬ ਦੀ ਰਾਜਨੀਤੀ ਦਾ ਕੇਂਦਰ ਸੱਭਿਆਚਾਰ ਦੀ ਪਛਾਣ, ਰੁਜ਼ਗਾਰ, ਉਦਯੋਗ, ਸਿੱਖਿਆ, ਕਾਨੂੰਨ-ਵਿਵਸਥਾ ਅਤੇ ਸਮਾਜਿਕ ਸਦਭਾਵ ਹੋਣਾ ਚਾਹੀਦਾ ਹੈ।

ਆਉਣ ਵਾਲੀਆਂ ਚੋਣਾਂ ਵਿੱਚ ਇਹ ਸਪੱਸ਼ਟ ਹੋਵੇਗਾ ਕਿ ਕੀ ਬਦਲਦੇ ਜਨਸੰਖਿਆਕ ਸਮੀਕਰਨ ਪੰਜਾਬ ਦੀ ਰਾਜਨੀਤੀ ਨੂੰ ਨਵੀਂ ਦਿਸ਼ਾ ਦਿੰਦੇ ਹਨ ਜਾਂ ਲੋਕ ਆਖ਼ਿਰਕਾਰ ਉਹਨਾਂ ਪਾਰਟੀਆਂ ਨੂੰ ਤਰਜੀਹ ਦਿੰਦੇ ਹਨ ਜੋ ਵਿਕਾਸ, ਸੁਸ਼ਾਸਨ ਅਤੇ ਪੰਜਾਬ ਦੇ ਲੰਬੇ ਸਮੇਂ ਦੇ ਹਿੱਤਾਂ ਲਈ ਭਰੋਸੇਯੋਗ ਰੋਡਮੈਪ ਪੇਸ਼ ਕਰਦੀਆਂ ਹਨ।

-ਛੱਤਰਪਾਲ ਸਿੰਘ




Shaheed-e-Azam Printed, publĺished and owned by Harjinder Chaudhary printed at Raftaar Printing Press, Factory Area, Patiaĺa and publĺished at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਪੰਜਾਬ 2027: ਸੱਤਾ ਦੀ ਜੰਗ, ਉੱਭਰਦੇ ਸਿਆਸੀ ਸਮੀਕਰਨ, ਪਰਵਾਸ ਅਤੇ ਭਵਿੱਖ ਦਾ ਨਿਰਣਾ



ਗੁਰਮੀਤ ਸਿੰਘ ਤੰਗ
ਬਿਊਰੋ ਚੀਫ.
9855221193




ਪੰਜਾਬ ਦੀ ਰਾਜਨੀਤੀ ਅੱਜ ਇੱਕ ਅਜਿਹੇ ਮੋੜ 'ਤੇ ਖੜ੍ਹੀ ਹੈ ਜਿੱਥੇ ਹਰ ਰੋਜ਼ ਨਵਾਂ ਬਿਆਨ, ਨਵਾਂ ਵਿਵਾਦ, ਨਵਾਂ ਦਲ-ਬਦਲ, ਨਵੀਂ ਰੈਲੀ, ਨਵੇਂ ਅੰਦੋਲਨ ਅਤੇ ਨਵੀਂ ਰਣਨੀਤੀ ਸਾਹਮਣੇ ਆ ਰਹੀ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਭਾਵੇਂ ਕੁਝ ਮਹੀਨੇ ਦੂਰ ਹਨ, ਪਰ ਚੋਣੀ ਮਾਹੌਲ ਪੂਰੀ ਤਰ੍ਹਾਂ ਬਣ ਚੁੱਕਾ ਹੈ। ਭਾਵੇਂ ਚੋਣ ਕਮਿਸ਼ਨ ਨੇ ਚੋਣ ਦੀ ਸਹੀ ਤਾਰੀਖ ਹਾਲੇ ਐਲਾਨ ਨਹੀਂ ਕੀਤੀ, ਪਰ ਇਹ ਸਪੱਸ਼ਟ ਹੈ ਕਿ ਹਰ ਪਾਰਟੀ ਨੇ ਆਪਣਾ ਚੋਣੀ ਇੰਜਣ ਤੇਲ ਪਾਣੀ ਚੈੱਕ ਕਰਕੇ ਸਟਾਰਟ ਕਰ ਦਿੱਤਾ ਹੈ।

ਸਭ ਤੋਂ ਪਹਿਲਾਂ ਸੱਤਾਧਾਰੀ ਆਮ ਆਦਮੀ ਪਾਰਟੀ ਦੀ ਗੱਲ ਕਰੀਏ। ਮੁੱਖ ਮੰਤਰੀ ਭਗਵੰਤ ਮਾਨ ਲਗਾਤਾਰ ਜ਼ਿਲ੍ਹਿਆਂ ਦੇ ਦੌਰੇ ਕਰ ਰਹੇ ਹਨ। ਸਰਕਾਰ ਆਪਣੇ ਵਿਕਾਸ ਕਾਰਜਾਂ, ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਅਤੇ ਲੋਕ-ਭਲਾਈ ਯੋਜਨਾਵਾਂ ਨੂੰ ਆਪਣੀ ਸਭ ਤੋਂ ਵੱਡੀ ਉਪਲਬਧੀ ਵਜੋਂ ਪੇਸ਼ ਕਰ ਰਹੀ ਹੈ। ਦੂਜੇ ਪਾਸੇ ਵਿਰੋਧੀ ਧਿਰ ਦਾ ਦੋਸ਼ ਹੈ ਕਿ ਪੰਜਾਬ ਵਿੱਚ ਕਾਨੂੰਨ-ਵਿਵਸਥਾ, ਨਸ਼ਿਆਂ ਦੀ ਸਮੱਸਿਆ, ਗੈਂਗਸਟਰਵਾਦ, ਉਦਯੋਗਾਂ ਦਾ ਪਲਾਇਨ ਅਤੇ ਬੇਰੁਜ਼ਗਾਰੀ ਅਜੇ ਵੀ ਵੱਡੀਆਂ ਚੁਣੌਤੀਆਂ ਹਨ। ਭਾਜਪਾ ਨੇ ਹਾਲ ਹੀ ਵਿੱਚ ਇਨ੍ਹਾਂ ਮੁੱਦਿਆਂ ਨੂੰ ਕੇਂਦਰ ਵਿੱਚ ਰੱਖ ਕੇ ਸਰਕਾਰ 'ਤੇ ਤਿੱਖੇ ਹਮਲੇ ਕੀਤੇ ਹਨ।

ਕਾਂਗਰਸ ਦੀ ਸਥਿਤੀ ਹੋਰ ਵੀ ਦਿਲਚਸਪ ਹੈ। ਪਾਰਟੀ ਦੇ ਅੰਦਰ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਸਮਰਥਕਾਂ ਵਿਚਕਾਰ ਨੇਤ੍ਰਿਤਵ ਨੂੰ ਲੈ ਕੇ ਤਣਾਅ ਖੁੱਲ੍ਹ ਕੇ ਸਾਹਮਣੇ ਆ ਗਿਆ ਹੈ। ਹਾਈਕਮਾਨ ਨੇ ਅਜੇ ਤੱਕ ਰਾਜਾ ਵੜਿੰਗ 'ਤੇ ਭਰੋਸਾ ਜਤਾਇਆ ਹੈ, ਜਦਕਿ ਚੰਨੀ ਸਮਰਥਕ ਲੀਡਰਸ਼ਿਪ ਵਿੱਚ ਤਬਦੀਲੀ ਦੀ ਮੰਗ ਕਰ ਰਹੇ ਹਨ। ਇਹ ਕਹਿਣਾ ਕਿ ਚੰਨੀ ਨੇ ਕਾਂਗਰਸ ਛੱਡ ਦਿੱਤੀ ਹੈ, ਤੱਥਾਂ ਅਨੁਸਾਰ ਸਹੀ ਨਹੀਂ ਹੈ। ਹਕੀਕਤ ਇਹ ਹੈ ਕਿ ਕਾਂਗਰਸ ਇਸ ਵੇਲੇ ਅੰਦਰੂਨੀ ਗੁੱਟਬੰਦੀ ਨਾਲ ਜੂਝ ਰਹੀ ਹੈ।

ਭਾਰਤੀ ਜਨਤਾ ਪਾਰਟੀ ਨੇ ਪੰਜਾਬ ਨੂੰ ਹੁਣ ਸਿਰਫ਼ ਇਕ ਰਾਜ ਨਹੀਂ, ਸਗੋਂ ਇੱਕ ਪ੍ਰਮੁੱਖ ਚੋਣੀ ਰਾਜ ਵਜੋਂ ਦੇਖਣਾ ਸ਼ੁਰੂ ਕਰ ਦਿੱਤਾ ਹੈ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀਆਂ ਪੰਜਾਬ ਵਿੱਚ ਲਗਾਤਾਰ ਰੈਲੀਆਂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਸਭਾਵਾਂ ਇਹ ਸੰਕੇਤ ਦਿੰਦੀਆਂ ਹਨ ਕਿ ਭਾਜਪਾ ਪੰਜਾਬ ਵਿੱਚ ਆਪਣਾ ਸੰਗਠਨ ਮਜ਼ਬੂਤ ਕਰਕੇ ਇਕੱਲੇ ਚੋਣ ਲੜਨ ਦੀ ਰਣਨੀਤੀ ਵੱਲ ਵੱਧ ਰਹੀ ਹੈ। ਸਾਡਾ ਗਠਜੋੜ ਲੋਕਾਂ ਨਾਲ ਹੈ ਵਰਗੇ ਬਿਆਨ ਇਸੀ ਦਿਸ਼ਾ ਦੀ ਨਿਸ਼ਾਨਦੇਹੀ ਕਰਦੇ ਹਨ।

ਸ਼੍ਰੋਮਣੀ ਅਕਾਲੀ ਦਲ ਲਈ ਇਹ ਚੋਣ ਸਭ ਤੋਂ ਔਖੀ ਕਸੌਟੀ ਹੋ ਸਕਦੀ ਹੈ। ਇੱਕ ਸਮੇਂ ਪੰਜਾਬ ਦੀ ਸਭ ਤੋਂ ਪ੍ਰਭਾਵਸ਼ਾਲੀ ਖੇਤਰੀ ਪਾਰਟੀ ਰਹਿ ਚੁੱਕਾ ਅਕਾਲੀ ਦਲ ਹੁਣ ਆਪਣਾ ਪੁਰਾਣਾ ਜਨ ਆਧਾਰ ਮੁੜ ਹਾਸਲ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਦੂਜੇ ਪਾਸੇ ਪੰਥਕ ਰਾਜਨੀਤੀ ਵਿੱਚ ਨਵੇਂ ਧੜਿਆਂ ਦੀ ਸਰਗਰਮੀ ਅਤੇ ਐਸਜੀਪੀਸੀ ਨਾਲ ਜੁੜੇ ਵਿਵਾਦਾਂ ਨੇ ਵੀ ਸਿਆਸੀ ਸਮੀਕਰਨ ਬਦਲੇ ਹਨ। ਐਸਜੀਪੀਸੀ, ਅਕਾਲ ਤਖ਼ਤ ਅਤੇ ਪੰਜਾਬ ਸਰਕਾਰ ਵਿਚਕਾਰ ਧਾਰਮਿਕ ਕਾਨੂੰਨਾਂ ਨੂੰ ਲੈ ਕੇ ਚੱਲ ਰਹੀ ਬਹਿਸ ਨੇ ਵੀ ਨਵੀਂ ਚਰਚਾ ਛੇੜੀ ਹੈ।

ਪੰਜਾਬ ਵਿੱਚ ਧਰਨੇ, ਪ੍ਰਦਰਸ਼ਨ ਅਤੇ ਹੜਤਾਲਾਂ ਲਗਾਤਾਰ ਜਾਰੀ ਹਨ। ਵਕੀਲ, ਕਰਮਚਾਰੀ, ਕਿਸਾਨ, ਬੇਰੁਜ਼ਗਾਰ ਨੌਜਵਾਨ ਅਤੇ ਹੋਰ ਵਰਗ ਆਪਣੀਆਂ ਮੰਗਾਂ ਨੂੰ ਲੈ ਕੇ ਸੜਕਾਂ 'ਤੇ ਉਤਰ ਰਹੇ ਹਨ। ਲੋਕਾਂ ਵਿੱਚ ਇਹ ਧਾਰਣਾ ਮਜ਼ਬੂਤ ਹੋ ਰਹੀ ਹੈ ਕਿ ਸਿਰਫ਼ ਚੋਣਾਂ ਤੋਂ ਪਹਿਲਾਂ ਵਾਅਦੇ ਕਰਨ ਦੀ ਬਜਾਏ ਰੋਜ਼ਗਾਰ, ਸਿੱਖਿਆ, ਸਿਹਤ, ਉਦਯੋਗ ਅਤੇ ਨਸ਼ਾ-ਰੋਕਥਾਮ 'ਤੇ ਠੋਸ ਨਤੀਜੇ ਲੋੜੀਂਦੇ ਹਨ।

ਪੰਜਾਬ ਦੀ ਰਾਜਨੀਤੀ ਹੁਣ ਸਿਰਫ਼ ਚਾਰ ਰਵਾਇਤੀ ਧਿਰਾਂ—ਆਮ ਆਦਮੀ ਪਾਰਟੀ, ਕਾਂਗਰਸ, ਭਾਰਤੀ ਜਨਤਾ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ (ਖੇਤਰੀ ਰਾਜਨੀਤਿਕ ਪਾਰਟੀ) ਤੱਕ ਸੀਮਤ ਨਹੀਂ ਰਹੀ। ਵੱਖ-ਵੱਖ ਖੇਤਰੀ ਅਤੇ ਰਾਸ਼ਟਰੀ ਪਾਰਟੀਆਂ ਵੀ ਪੰਜਾਬ ਵਿੱਚ ਆਪਣੀ ਰਾਜਨੀਤਿਕ ਜ਼ਮੀਨ ਤਲਾਸ਼ ਰਹੀਆਂ ਹਨ। ਇਨ੍ਹਾਂ ਵਿੱਚ ਜਨਤਾ ਦਲ (ਯੂਨਾਈਟਿਡ) ਵਰਗੀਆਂ ਪਾਰਟੀਆਂ ਦੀ ਸਰਗਰਮੀ ਇਹ ਦਰਸਾਉਂਦੀ ਹੈ ਕਿ 2027 ਦੀ ਚੋਣ ਨੂੰ ਕਈ ਸਿਆਸੀ ਦਲ ਇੱਕ ਨਵੇਂ ਮੌਕੇ ਵਜੋਂ ਦੇਖ ਰਹੇ ਹਨ।

ਸਿਆਸੀ ਵਿਸ਼ਲੇਸ਼ਕਾਂ ਦਾ ਮੰਨਣਾ ਹੈ ਕਿ ਪੰਜਾਬ ਦੀ ਰਾਜਨੀਤੀ ਵਿੱਚ ਪੈਦਾ ਹੋਏ ਖਾਲੀ ਰਾਜਨੀਤਿਕ ਸਪੇਸ ਨੂੰ ਭਰਨ ਦੀ ਕੋਸ਼ਿਸ਼ ਕਈ ਪਾਰਟੀਆਂ ਕਰ ਰਹੀਆਂ ਹਨ। ਜਿੱਥੇ ਰਵਾਇਤੀ ਵੋਟ ਬੈਂਕ ਟੁੱਟ ਰਹੇ ਹਨ, ਉੱਥੇ ਨਵੀਆਂ ਪਾਰਟੀਆਂ ਕਿਸਾਨਾਂ, ਨੌਜਵਾਨਾਂ, ਪਿਛੜੇ ਵਰਗਾਂ, ਸ਼ਹਿਰੀ ਮੱਧ ਵਰਗ ਅਤੇ ਪਰਵਾਸੀ ਭਾਈਚਾਰਿਆਂ ਤੱਕ ਪਹੁੰਚ ਬਣਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਇਹ ਲੋਕਤੰਤਰ ਦਾ ਕੁਦਰਤੀ ਹਿੱਸਾ ਹੈ, ਪਰ ਇਸ ਨਾਲ ਵੋਟਾਂ ਦੀ ਵੰਡ ਅਤੇ ਗਠਜੋੜਾਂ ਦੇ ਨਵੇਂ ਸਮੀਕਰਨ ਵੀ ਬਣਦੇ ਹਨ।

ਇਸੇ ਨਾਲ, ਪੰਜਾਬ ਵਿੱਚ ਪਰਵਾਸ ਦਾ ਮੁੱਦਾ ਵੀ ਲਗਾਤਾਰ ਰਾਜਨੀਤਿਕ ਚਰਚਾ ਦਾ ਕੇਂਦਰ ਬਣਿਆ ਹੋਇਆ ਹੈ। ਭਾਰਤ ਦੇ ਹੋਰ ਰਾਜਾਂ ਤੋਂ ਆਉਣ ਵਾਲੇ ਲੱਖਾਂ ਮਜ਼ਦੂਰ ਕਈ ਸਾਲਾਂ ਤੋਂ ਪੰਜਾਬ ਦੀ ਖੇਤੀਬਾੜੀ, ਨਿਰਮਾਣ, ਉਦਯੋਗ, ਆਵਾਜਾਈ ਅਤੇ ਸੇਵਾ ਖੇਤਰ ਦਾ ਅਟੁੱਟ ਹਿੱਸਾ ਹਨ। ਚੌਲਾਂ ਦੀ ਲਵਾਈ, ਕਟਾਈ, ਇੱਟ-ਭੱਠੇ, ਫੈਕਟਰੀਆਂ, ਲੋਡਿੰਗ-ਅਨਲੋਡਿੰਗ ਅਤੇ ਹੋਰ ਕਈ ਖੇਤਰ ਅੱਜ ਵੱਡੇ ਪੱਧਰ 'ਤੇ ਇਨ੍ਹਾਂ ਮਜ਼ਦੂਰਾਂ 'ਤੇ ਨਿਰਭਰ ਹਨ। ਵਧਦੇ ਪਰਵਾਸ ਕਾਰਨ ਰਾਜਨੀਤਿਕ ਸਮੀਕਰਨਾਂ ਉੱਤੇ ਵੱਡੇ ਪ੍ਰਭਾਵ ਦੇ ਨਾਲ ਨਾਲ ਆਰਥਿਕ ਹਕੀਕਤ ਦੇ ਨਵੇਂ ਪ੍ਰਸੰਗ ਵੀ ਜੁੜਦੇ ਹਨ।

ਦੂਜੇ ਪਾਸੇ, ਇਹ ਵੀ ਇੱਕ ਹਕੀਕਤ ਹੈ ਕਿ ਪੰਜਾਬ ਦੇ ਨੌਜਵਾਨ ਵੱਡੀ ਗਿਣਤੀ ਵਿੱਚ ਵਿਦੇਸ਼ਾਂ ਵੱਲ ਰੁਖ ਕਰ ਰਹੇ ਹਨ। ਇਸ ਕਾਰਨ ਸਥਾਨਕ ਮਜ਼ਦੂਰੀ ਦੀ ਘਾਟ ਪੈਦਾ ਹੋਈ ਹੈ, ਜਿਸ ਨੂੰ ਹੋਰ ਰਾਜਾਂ ਤੋਂ ਆਏ ਮਜ਼ਦੂਰਾਂ ਨੇ ਕਾਫ਼ੀ ਹੱਦ ਤੱਕ ਪੂਰਾ ਕੀਤਾ ਹੈ। ਇਸ ਦੇ ਨਾਲ ਹੀ ਸ਼ਹਿਰੀਕਰਨ, ਵੋਟਰ ਸੂਚੀਆਂ ਵਿੱਚ ਤਬਦੀਲੀਆਂ, ਜਨਸੰਖਿਆਕ ਸੰਰਚਨਾ ਅਤੇ ਸਰਕਾਰੀ ਸੇਵਾਵਾਂ 'ਤੇ ਦਬਾਅ ਵਰਗੇ ਮੁੱਦੇ ਵੀ ਚਰਚਾ ਵਿੱਚ ਹਨ। ਇਨ੍ਹਾਂ ਮੁੱਦਿਆਂ 'ਤੇ ਗੰਭੀਰ ਅਤੇ ਤੱਥ-ਅਧਾਰਿਤ ਨੀਤੀ ਮਡ ਵਿਚਾਰਨ ਦੀ ਲੋੜ ਹੈ।

ਰਾਜਨੀਤਿਕ ਤੌਰ 'ਤੇ ਇਹ ਵੀ ਦੇਖਣਯੋਗ ਹੋਵੇਗਾ ਕਿ ਕੀ ਨਵੀਆਂ ਪਾਰਟੀਆਂ ਅਤੇ ਨਵੇਂ ਸਮਾਜਿਕ ਗਠਜੋੜ ਪੰਜਾਬ ਦੀ ਰਵਾਇਤੀ ਸਿਆਸਤ ਨੂੰ ਬਦਲ ਸਕਣਗੇ ਜਾਂ ਫਿਰ ਵੋਟਾਂ ਦੀ ਵੰਡ ਦਾ ਲਾਭ ਕਿਸੇ ਵੱਡੀ ਪਾਰਟੀ ਨੂੰ ਮਿਲੇਗਾ। ਇਸ ਦਾ ਜਵਾਬ 2027 ਦੀ ਚੋਣ ਹੀ ਦੇਵੇਗੀ।

ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਜਨਸੰਖਿਆ, ਪਰਵਾਸ ਜਾਂ ਕਿਸੇ ਭਾਈਚਾਰੇ ਨਾਲ ਜੁੜੇ ਮੁੱਦਿਆਂ 'ਤੇ ਜਨਤਕ ਚਰਚਾ ਸਿਰਫ਼ ਪ੍ਰਮਾਣਿਤ ਤੱਥਾਂ, ਆਰਥਿਕ-ਸਮਾਜਿਕ-ਅਪਰਾਧਿਕ ਅੰਕੜਿਆਂ ਅਤੇ ਸੰਵਿਧਾਨਕ ਮੁੱਲਾਂ ਦੇ ਆਧਾਰ 'ਤੇ ਹੋਣੀ ਚਾਹੀਦੀ ਹੈ। ਬਿਨਾਂ ਸਬੂਤਾਂ ਦੇ ਕਿਸੇ ਵੀ ਸਮਾਜਿਕ ਜਾਂ ਰਾਜਨੀਤਿਕ ਤਬਦੀਲੀ ਨੂੰ ਸਾਜ਼ਿਸ਼ ਕਹਿ ਦੇਣਾ ਨਾ ਸਿਰਫ਼ ਲੋਕਤੰਤਰੀ ਵਿਚਾਰ-ਵਟਾਂਦਰੇ ਨੂੰ ਕਮਜ਼ੋਰ ਕਰਦਾ ਹੈ, ਸਗੋਂ ਅਸਲ ਨੀਤੀਗਤ ਸਮੱਸਿਆਵਾਂ ਤੋਂ ਵੀ ਧਿਆਨ ਹਟਾ ਸਕਦਾ ਹੈ।

2027 ਦੀ ਚੋਣ ਲਈ ਹਰ ਪਾਰਟੀ ਦੀ ਰਣਨੀਤੀ ਵੱਖਰੀ ਹੈ। ਆਮ ਆਦਮੀ ਪਾਰਟੀ ਆਪਣੀ ਸਰਕਾਰ ਦੀ ਕਾਰਗੁਜ਼ਾਰੀ 'ਤੇ ਵੋਟ ਮੰਗੇਗੀ। ਕਾਂਗਰਸ ਸੱਤਾ ਵਿਰੋਧੀ ਲਹਿਰ ਦਾ ਲਾਭ ਲੈਣਾ ਚਾਹੇਗੀ, ਪਰ ਉਸ ਨੂੰ ਪਹਿਲਾਂ ਆਪਣੀ ਅੰਦਰੂਨੀ ਏਕਤਾ ਮਜ਼ਬੂਤ ਕਰਨੀ ਹੋਵੇਗੀ। ਭਾਜਪਾ ਕਾਨੂੰਨ-ਵਿਵਸਥਾ, ਰਾਸ਼ਟਰਵਾਦ, ਵਿਕਾਸ ਅਤੇ ਕੇਂਦਰ-ਰਾਜ ਤਾਲਮੇਲ ਨੂੰ ਆਪਣਾ ਮੁੱਖ ਮੁੱਦਾ ਬਣਾਉਣ ਦੀ ਕੋਸ਼ਿਸ਼ ਕਰੇਗੀ।

ਅਕਾਲੀ ਦਲ ਆਪਣੀ ਪੰਥਕ ਅਤੇ ਕਿਸਾਨੀ ਪਛਾਣ ਨੂੰ ਦੁਬਾਰਾ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰੇਗਾ। 2027 ਵਿੱਚ ਕਿਸੇ ਦੀ ਵੀ ਹਰ ਜਿੱਤ ਤੋਂ ਉਪਰ ਅਸਲ ਸਵਾਲ ਇਹ ਹੈ ਕਿ ਕੀ ਪੰਜਾਬ ਦੀ ਰਾਜਨੀਤੀ ਮੁੜ ਸਭਿਆਚਾਰ, ਵਿਕਾਸ, ਉਦਯੋਗ, ਸਿੱਖਿਆ, ਰੋਜ਼ਗਾਰ, ਖੇਤੀਬਾੜੀ, ਨੌਜਵਾਨਾਂ ਦੇ ਭਵਿੱਖ, ਨਸ਼ਾ-ਮੁਕਤ ਸਮਾਜ ਵਰਗੇ ਖੁਸ਼ਹਾਲ ਪੰਜਾਬ ਦੇ ਮੁੱਦਿਆਂ 'ਤੇ ਵਾਪਸ ਆਵੇਗੀ ਜਾਂ ਫਿਰ ਜਾਤੀ, ਧਰਮ, ਭਾਵਨਾਵਾਂ, ਅਪਰਾਧ ਅਤੇ ਵਿਅਕਤੀਗਤ ਟਕਰਾਵਾਂ ਦੇ ਆਲੇ-ਦੁਆਲੇ ਹੀ ਘੁੰਮਦੀ ਰਹੇਗੀ। ਪੰਜਾਬ ਦੇ ਵੋਟਰ ਪਹਿਲਾਂ ਨਾਲੋਂ ਕਾਫ਼ੀ ਜਾਗਰੂਕ ਹੋ ਚੁੱਕੇ ਹਨ। ਉਹ ਹੁਣ ਸਿਰਫ਼ ਭਾਸ਼ਣ ਨਹੀਂ, ਸਗੋਂ ਪੰਜ ਸਾਲਾਂ ਦਾ ਹਿਸਾਬ ਮੰਗ ਰਹੇ ਹਨ। ਜੋ ਵੀ ਪਾਰਟੀ ਰੋਜ਼ਗਾਰ, ਨਿਵੇਸ਼, ਕਾਨੂੰਨ-ਵਿਵਸਥਾ, ਖੇਤੀ, ਉਦਯੋਗ, ਸਿੱਖਿਆ ਅਤੇ ਸਿਹਤ ਬਾਰੇ ਭਰੋਸੇਯੋਗ ਰੋਡਮੈਪ ਦੇਵੇਗੀ, ਉਹੀ 2027 ਦੀ ਚੋਣ ਵਿੱਚ ਅਸਲ ਬੜ੍ਹਤ ਹਾਸਲ ਕਰ ਸਕਦੀ ਹੈ।

ਲੋਕਤੰਤਰ ਵਿੱਚ ਸਭ ਤੋਂ ਵੱਡੀ ਤਾਕਤ ਨਾ ਕੋਈ ਨੇਤਾ ਹੈ, ਨਾ ਕੋਈ ਪਾਰਟੀ। ਸਭ ਤੋਂ ਵੱਡੀ ਤਾਕਤ ਜਾਗਰੂਕ ਵੋਟਰ ਹੈ। ਇਸ ਲਈ ਪੰਜਾਬ ਦੇ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਕਿਸੇ ਵੀ ਦਾਅਵੇ ਨੂੰ ਸੱਚ ਮੰਨਣ ਤੋਂ ਪਹਿਲਾਂ ਉਸ ਦੀ ਪੁਸ਼ਟੀ ਕਰਨ, ਸਵਾਲ ਪੁੱਛਣ ਅਤੇ ਆਪਣਾ ਵੋਟ ਤੱਥਾਂ ਦੇ ਆਧਾਰ 'ਤੇ ਪਾਉਣ। ਇਹੀ ਪੰਜਾਬ ਦੇ ਭਵਿੱਖ ਅਤੇ ਲੋਕਤੰਤਰ ਦੀ ਅਸਲ ਜਿੱਤ ਹੋਵੇਗੀ।

ਪੰਜਾਬ ਨੂੰ ਅੱਜ ਲੋੜ ਹੈ ਭਾਵਨਾਤਮਕ ਨਾਰਿਆਂ ਦੀ ਨਹੀਂ, ਸਗੋਂ ਦੂਰਅੰਦੇਸ਼ ਨੀਤੀਆਂ ਦੀ—ਅਜਿਹੀਆਂ ਨੀਤੀਆਂ ਜੋ ਸਥਾਨਕ ਨੌਜਵਾਨਾਂ ਲਈ ਰੋਜ਼ਗਾਰ ਪੈਦਾ ਕਰਨ, ਉਦਯੋਗਾਂ ਨੂੰ ਮਜ਼ਬੂਤ ਕਰਨ, ਰੋਜ਼ਗਾਰ ਨੂੰ ਯਕੀਨੀ ਬਣਾਉਣ, ਖੇਤੀ ਨੂੰ ਟਿਕਾਊ ਬਣਾਉਣ, ਕਾਨੂੰਨ-ਵਿਵਸਥਾ ਵਿੱਚ ਲੋਕਾਂ ਦਾ ਭਰੋਸਾ ਵਧਾਉਣ, ਸਮਾਜਿਕ ਏਕਤਾ ਅਤੇ ਮਜ਼ਬੂਤ ਰਾਜਨੀਤੀ, ਇਹੀ ਰਾਹ ਪੰਜਾਬ ਨੂੰ ਮੁੜ ਖੁਸ਼ਹਾਲ ਬਣਾ ਸਕਦਾ ਹੈ।

# ਪੰਜਾਬ ਦੇ ਜ਼ਿਲ੍ਹਾ ਸਿੱਖਿਆ ਇੰਚਾਰਜਾਂ ਅਤੇ ਬਲਾਕ ਸਿੱਖਿਆ ਕੋਆਰਡੀਨੇਟਰਾਂ ਦੀ ਰਾਜ ਪੱਧਰੀ ਮੀਟਿੰਗ ਦੌਰਾਨ ਪੰਜਾਬ ਦੇ ਸਿੱਖਿਆ ਵਿੱਚ ਅੱਵਲ ਆਉਣ ਬਾਰੇ ਕੀਤੀ ਚਰਚਾ

**ਪਟਿਆਲਾ, 3 ਅਗਸਤ**
**-ਛਤਰਪਾਲ ਸਿੰਘ-**




ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਸਿੱਖਿਆ ਇੰਚਾਰਜਾਂ ਅਤੇ ਬਲਾਕ ਸਿੱਖਿਆ ਕੋਆਰਡੀਨੇਟਰਾਂ ਦੀ ਰਾਜ ਪੱਧਰੀ ਮੀਟਿੰਗ ਪਟਿਆਲਾ ਵਿਖੇ ਜ਼ਿਲ੍ਹਾ ਪ੍ਰੀਸ਼ਦ ਦੇ ਕਾਨਫਰੰਸ ਹਾਲ ਵਿੱਚ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਆਮ ਆਦਮੀ ਪਾਰਟੀ ਦੇ ਸਟੇਟ ਸਿੱਖਿਆ ਇੰਚਾਰਜ ਗੁਲਸ਼ਨ ਛਾਬੜਾ ਅਤੇ ਜ਼ਿਲ੍ਹਾ ਪ੍ਰੀਸ਼ਦ ਪਟਿਆਲਾ ਦੇ ਚੇਅਰਮੈਨ ਗੁਰਦੇਵ ਸਿੰਘ ਟਿਵਾਣਾ ਨੇ ਕੀਤੀ। ਮੀਟਿੰਗ ਦਾ ਆਯੋਜਨ ਜ਼ਿਲ੍ਹਾ ਸਿੱਖਿਆ ਇੰਚਾਰਜ ਵਿਜੇ ਮੈਨਰੋ ਦੀ ਅਗਵਾਈ ਹੇਠ ਕੀਤਾ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਲਸ਼ਨ ਛਾਬੜਾ ਨੇ ਕਿਹਾ ਕਿ ਪੰਜਾਬ ਦੀ ਸਕੂਲੀ ਸਿੱਖਿਆ ਨੂੰ ਦੇਸ਼ ਭਰ ਵਿੱਚ ਪਹਿਲੇ ਸਥਾਨ 'ਤੇ ਲਿਆਉਣ ਲਈ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਆਪਣੇ ਸਫਲ ਤਜ਼ਰਬਿਆਂ ਦੇ ਆਧਾਰ 'ਤੇ ਮਾਰਗਦਰਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸਮੁੱਚੀ ਟੀਮ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਅੱਗੇ ਦੱਸਿਆ ਕਿ ਸਕੂਲਾਂ ਦੀਆਂ ਚਾਰਦੀਵਾਰੀਆਂ ਦੀ ਉਸਾਰੀ, ਵਿਦਿਆਰਥੀਆਂ ਲਈ ਡੈਸਕਾਂ ਦਾ ਪ੍ਰਬੰਧ, ਵੱਖ-ਵੱਖ ਵਿਸ਼ਿਆਂ ਦੀਆਂ ਪ੍ਰਯੋਗਸ਼ਾਲਾਵਾਂ ਦੀ ਸਥਾਪਨਾ, ਨਵੇਂ ਸਮਾਰਟ ਕਲਾਸਰੂਮਾਂ ਦਾ ਨਿਰਮਾਣ, ਲੜਕੀਆਂ ਲਈ ਵੱਖਰੇ ਪਖਾਨਿਆਂ ਦੀ ਸਹੂਲਤ, ਸਕੂਲ ਆਫ ਐਮੀਨੈਂਸ ਦੀ ਸਥਾਪਨਾ, ਸਕੂਲਾਂ ਵਿੱਚ ਸੁਰੱਖਿਆ ਗਾਰਡਾਂ ਅਤੇ ਕੈਂਪਸ ਮੈਨੇਜਰਾਂ ਦੀ ਨਿਯੁਕਤੀ, ਕੱਚੇ ਅਧਿਆਪਕਾਂ ਨੂੰ ਪੱਕਾ ਕਰਨਾ ਅਤੇ ਨਵੇਂ ਅਧਿਆਪਕਾਂ ਦੀ ਭਰਤੀ ਵਰਗੇ ਕਈ ਮਹੱਤਵਪੂਰਨ ਉਪਰਾਲੇ ਕੀਤੇ ਗਏ ਹਨ। ਇਸ ਤੋਂ ਇਲਾਵਾ ਅਧਿਆਪਕਾਂ ਨੂੰ ਸਿੰਗਾਪੁਰ, ਫਿਨਲੈਂਡ ਅਤੇ ਅਹਿਮਦਾਬਾਦ ਵਿੱਚ ਸਿਖਲਾਈ ਦੇਣ ਅਤੇ ਗੁਣਾਤਮਕ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ 'ਮਿਸ਼ਨ ਸਮਰੱਥ' ਵਰਗੀਆਂ ਯੋਜਨਾਵਾਂ ਨੂੰ ਵੀ ਸਫ਼ਲਤਾਪੂਰਵਕ ਲਾਗੂ ਕੀਤਾ ਗਿਆ ਹੈ।

ਗੁਲਸ਼ਨ ਛਾਬੜਾ ਨੇ ਸਕੂਲ ਪ੍ਰਬੰਧਨ ਕਮੇਟੀਆਂ ਦੇ ਮੈਂਬਰਾਂ ਅਤੇ ਹੋਰ ਸਹਿਯੋਗੀਆਂ ਨੂੰ ਅਪੀਲ ਕੀਤੀ ਕਿ ਉਹ ਵਲੰਟੀਅਰ ਵਜੋਂ ਸਕੂਲਾਂ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣ ਅਤੇ ਆਪਣੇ ਕੀਮਤੀ ਸੁਝਾਵਾਂ ਰਾਹੀਂ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ। ਇਸ ਮੌਕੇ ਸਮੂਹ ਸਕੂਲ ਪ੍ਰਬੰਧਨ ਕਮੇਟੀ ਮੈਂਬਰਾਂ ਅਤੇ ਚੇਅਰਮੈਨਾਂ ਵੱਲੋਂ ਗੁਲਸ਼ਨ ਛਾਬੜਾ ਨੂੰ ਸਨਮਾਨਿਤ ਵੀ ਕੀਤਾ ਗਿਆ।

ਮੀਟਿੰਗ ਵਿੱਚ ਗੁਰਿੰਦਰਜੀਤ ਸਿੰਘ ਜਵੰਧਾ ਚੇਅਰਮੈਨ ਪੰਜਾਬ ਇਨਫੋਟੈਕ, ਹਰਮੀਤ ਸਿੰਘ ਛਿੱਬਰ ਜ਼ੋਨਲ ਸਿੱਖਿਆ ਇੰਚਾਰਜ, ਡਾ. ਗੁਰਪ੍ਰੀਤ ਸਿੰਘ, ਰਾਜ ਕੁਮਾਰ ਖੋਸਲਾ, ਹਾਕਮ ਸਿੰਘ, ਜਾਗਰ ਸਿੰਘ ਰਾਜਪੁਰਾ, ਜਸਪਾਲ ਸਿੰਘ, ਅਮਰੀਕ ਸਿੰਘ, ਗੁਰਬਾਜ ਸਿੰਘ, ਦਇਆ ਸਿੰਘ, ਗੋਪਾਲ ਕ੍ਰਿਸ਼ਨ, ਰਾਮ ਸ਼ਰਨ, ਦਿਨੇਸ਼ ਪੁਰੀ, ਰਵਿੰਦਰ ਮਹਿਤਾਬ, ਵਿਜੇ ਗੋਸਵਾਮੀ, ਸ਼ਸ਼ਾਂਕ, ਰਾਜਿੰਦਰ ਸਿੰਘ ਚਾਨੀ ਅਤੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਜ਼ਿਲ੍ਹਾ ਸਿੱਖਿਆ ਇੰਚਾਰਜ, ਬਲਾਕ ਕੋਆਰਡੀਨੇਟਰ, ਸਕੂਲ ਪ੍ਰਬੰਧਨ ਕਮੇਟੀਆਂ ਦੇ ਚੇਅਰਮੈਨ ਅਤੇ ਹੋਰ ਮੈਂਬਰ ਹਾਜ਼ਰ ਸਨ।

# ਤੀਆਂ ਪਟਿਆਲੇ ਦੀ ਸਭਿਆਚਾਰ ਨੂੰ ਭਰਵਾਂ ਹੁੰਗਾਰਾ ਦੇ ਰਹੀਆਂ ਹਨ: ਰਾਜਵੀਰ ਕੌਰ ਵਰਮਾ



**ਪਟਿਆਲਾ, 3 ਅਗਸਤ**
**-ਛਤਰਪਾਲ ਸਿੰਘ-**

ਪਟਿਆਲਾ ਵਿਖੇ ਹੋਟਲ ਇਕਬਾਲ ਇਨ ਵਿੱਚ ਇਕਬਾਲ ਇਨ ਲੇਡੀਜ਼ ਕਲੱਬ ਵੱਲੋਂ ਜ਼ਿਲ੍ਹੇ ਦਾ ਸਭ ਤੋਂ ਵੱਡਾ ਤੀਆਂ ਦਾ ਮੇਲਾ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਰੰਗਾਰੰਗ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਹਿੱਸਾ ਲੈ ਕੇ ਪੰਜਾਬੀ ਸੱਭਿਆਚਾਰ ਅਤੇ ਰਵਾਇਤਾਂ ਨੂੰ ਜੀਵੰਤ ਕੀਤਾ। ਸਮਾਗਮ ਦੌਰਾਨ ਪ੍ਰਸਿੱਧ ਸਮਾਜ ਸੇਵਿਕਾ ਅਤੇ ਉਕਾਬ ਫੈਡਰੇਸ਼ਨ ਦੀ ਕੋ-ਫਾਊਂਡਰ ਰਾਜਵੀਰ ਕੌਰ ਵਰਮਾ ਨੇ ਵਿਸ਼ੇਸ਼ ਮਹਿਮਾਨ ਅਤੇ ਜੱਜ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਮਿਸ ਤੀਜ ਅਤੇ ਮਿਸਿਸ ਤੀਜ ਮੁਕਾਬਲਿਆਂ ਦੀ ਜੇਤੂਆਂ ਨੂੰ ਤਾਜ ਪਹਿਨਾ ਕੇ ਸਨਮਾਨਿਤ ਕੀਤਾ ਅਤੇ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਵੀ ਵੰਡੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਵੀਰ ਕੌਰ ਵਰਮਾ ਨੇ ਕਿਹਾ ਕਿ ਲੇਡੀਜ਼ ਕਲੱਬ ਇਕਬਾਲ ਇਨ ਅਤੇ ਸਮੁੱਚੀ ਟੀਮ, ਖ਼ਾਸ ਕਰਕੇ ਨੈਨਸੀ, ਹਰਵੀਨ ਸੇਠੀ, ਡਿੰਪੀ ਸੇਠੀ ਅਤੇ ਉਨ੍ਹਾਂ ਦੇ ਸਾਥੀ ਇਸ ਸ਼ਾਨਦਾਰ ਆਯੋਜਨ ਲਈ ਵਧਾਈ ਦੇ ਹੱਕਦਾਰ ਹਨ।

ਉਨ੍ਹਾਂ ਕਿਹਾ ਕਿ ਤੀਆਂ ਵਰਗੇ ਸਮਾਗਮ ਪੰਜਾਬੀ ਸੱਭਿਆਚਾਰ ਨੂੰ ਸੰਭਾਲਣ ਦੇ ਨਾਲ-ਨਾਲ ਮਹਿਲਾਵਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਵੀ ਉੱਤਮ ਮੰਚ ਪ੍ਰਦਾਨ ਕਰਦੇ ਹਨ। ਉਨ੍ਹਾਂ ਨੇ ਅਜਿਹੇ ਪ੍ਰੋਗਰਾਮ ਹਰ ਸਾਲ ਕਰਵਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ।

ਸਮਾਗਮ ਵਿੱਚ ਸ਼੍ਰੀਮਤੀ ਵਿਲਸੀ ਘੁੰਮਣ, ਡਾ. ਸੁਧਾ ਆਰੀਆ, ਸ਼੍ਰੀਮਤੀ ਸੋਨੀਆ ਤਾਜ ਅਤੇ ਅੰਜਲੀ ਵਰਮਾ ਨੇ ਵੀ ਜਿਊਰੀ ਮੈਂਬਰਾਂ ਵਜੋਂ ਆਪਣੀਆਂ ਸੇਵਾਵਾਂ ਨਿਭਾਈਆਂ। ਤੀਆਂ ਦੇ ਇਸ ਮੇਲੇ ਵਿੱਚ ਪੰਜਾਬੀ ਲੋਕ-ਸੱਭਿਆਚਾਰ, ਰਵਾਇਤੀ ਪਹਿਰਾਵੇ ਅਤੇ ਮਹਿਲਾਵਾਂ ਦੇ ਉਤਸ਼ਾਹ ਨੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ।




# ਕੇ.ਆਈ.ਐੱਮ.ਟੀ. ਵਿਖੇ ਨਵੇਂ ਵਿਦਿਆਰਥੀਆਂ ਦਾ ਨਿੱਘਾ ਸਵਾਗਤ

## ਓਰੀਐਂਟੇਸ਼ਨ ਪ੍ਰੋਗਰਾਮ ਰਾਹੀਂ ਅਕਾਦਮਿਕ ਸਫ਼ਰ ਦੀ ਕਰਵਾਈ ਸ਼ਾਨਦਾਰ ਸ਼ੁਰੂਆਤ



**:ਲੁਧਿਆਣਾ, 3 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖਾਲਸਾ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲਜੀ ਫਾਰ ਵਿਮੈਨ (ਕੇ.ਆਈ.ਐਮ.ਟੀ.) ਵਿਖੇ ਨਵੇਂ ਅਕਾਦਮਿਕ ਸੈਸ਼ਨ 2026-27 ਦੇ ਵਿਦਿਆਰਥੀਆਂ ਲਈ ਇੰਡਕਸ਼ਨ-ਕਮ-ਓਰੀਐਂਟੇਸ਼ਨ ਪ੍ਰੋਗਰਾਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਉਤਸ਼ਾਹ ਅਤੇ ਨਿੱਘ ਭਰੇ ਮਾਹੌਲ ਵਿੱਚ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸੰਸਥਾ ਦੇ ਅਕਾਦਮਿਕ ਵਾਤਾਵਰਣ, ਸੰਸਥਾਗਤ ਮੁੱਲਾਂ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਕੇ.ਆਈ.ਐਮ.ਟੀ. ਦੀ ਡਾਇਰੈਕਟਰ ਡਾ. ਹਰਪ੍ਰੀਤ ਕੌਰ ਦੇ ਸਵਾਗਤੀ ਸੰਬੋਧਨ ਨਾਲ ਹੋਈ। ਉਨ੍ਹਾਂ ਵਿਦਿਆਰਥੀਆਂ ਨੂੰ ਕਾਲਜ ਜੀਵਨ ਦੌਰਾਨ ਸਰਗਰਮ ਭਾਗੀਦਾਰੀ, ਨਿਰੰਤਰ ਸਿੱਖਣ ਅਤੇ ਆਪਣੀ ਸਮਰੱਥਾ ਦਾ ਪੂਰਾ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਿੱਖਿਆ ਸਿਰਫ਼ ਡਿਗਰੀ ਹਾਸਲ ਕਰਨ ਤੱਕ ਸੀਮਿਤ ਨਹੀਂ, ਸਗੋਂ ਵਿਅਕਤੀਤਵ ਨਿਰਮਾਣ ਅਤੇ ਭਵਿੱਖ ਦੀ ਮਜ਼ਬੂਤ ਨੀਂਹ ਰੱਖਣ ਦਾ ਮਾਧਿਅਮ ਵੀ ਹੈ। ਇਸ ਮੌਕੇ 'ਤੇ ਬ੍ਰੇਨਪਾਵਰ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰ ਅਤੇ ਸਮਾਗਮ ਦੇ ਰਿਸੋਰਸ ਪਰਸਨ ਸ੍ਰੀ ਦਿਲਬਾਗ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਫ਼ਲ ਜੀਵਨ ਲਈ EP – Potential (ਸੰਭਾਵਨਾ), (ਉਦੇਸ਼), (ਜਨੂੰਨ), (ਕਾਰਗੁਜ਼ਾਰੀ) ਅਤੇ (ਮੁਨਾਫ਼ਾ) ਦੇ ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸਵਾਲ ਪੁੱਛਣ, ਨਵੀਆਂ ਚੁਣੌਤੀਆਂ ਸਵੀਕਾਰ ਕਰਨ ਅਤੇ ਆਪਣੇ ਕੰਫਰਟ ਜ਼ੋਨ ਤੋਂ ਬਾਹਰ ਨਿਕਲ ਕੇ ਨਵੀਆਂ ਸੰਭਾਵਨਾਵਾਂ ਦੀ ਖੋਜ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਵਿਦਿਆਰਥੀ ਆਪਣੀ ਸਮਰੱਥਾ 'ਤੇ ਵਿਸ਼ਵਾਸ ਰੱਖਣ, ਹਰ ਰੋਜ਼ ਆਪਣਾ ਸਰਵੋਤਮ ਪ੍ਰਦਰਸ਼ਨ ਕਰਨ ਅਤੇ ਸਿੱਖਣ ਦੀ ਭੁੱਖ ਕਾਇਮ ਰੱਖਣ ਤਾਂ ਉਹ ਹਰ ਖੇਤਰ ਵਿੱਚ ਸਫ਼ਲਤਾ ਹਾਸਲ ਕਰ ਸਕਦੇ ਹਨ।

ਓਰੀਐਂਟੇਸ਼ਨ ਪ੍ਰੋਗਰਾਮ ਦੇ ਅੰਤ ਵਿੱਚ ਵਿਦਿਆਰਥੀਆਂ ਨੂੰ ਵੱਖ-ਵੱਖ ਅਕਾਦਮਿਕ ਵਿਭਾਗਾਂ, ਆਧੁਨਿਕ ਕਾਲਜ ਸਹੂਲਤਾਂ ਅਤੇ ਵਿਦਿਆਰਥੀ ਸਹਾਇਤਾ ਸੇਵਾਵਾਂ ਨਾਲ ਜਾਣੂ ਕਰਵਾਉਣ ਲਈ ਕੈਂਪਸ ਦਾ ਦੌਰਾ ਕਰਵਾਇਆ ਗਿਆ। ਇਸ ਦੌਰੇ ਨੇ ਨਵੇਂ ਵਿਦਿਆਰਥੀਆਂ ਨੂੰ ਸੰਸਥਾ ਦੇ ਜੀਵੰਤ, ਸਮਾਵੇਸ਼ੀ ਅਤੇ ਵਿਦਿਆਰਥੀ-ਕੇਂਦਰਿਤ ਮਾਹੌਲ ਨਾਲ ਰੂਬਰੂ ਕਰਵਾਇਆ।

# ਖੇਡ ਵਿਭਾਗ 25 ਤੋਂ 27 ਅਗਸਤ ਤੱਕ ਤੈਰਾਕੀ ਟੂਰਨਾਮੈਂਟ ਦਾ ਆਯੋਜਨ ਕਰੇਗ

**ਚੰਡੀਗੜ੍ਹ, 3 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖੇਡ ਵਿਭਾਗ, ਯੂ.ਟੀ. ਚੰਡੀਗੜ੍ਹ ਲੜਕਿਆਂ ਅਤੇ ਲੜਕੀਆਂ ਦੇ ਵਰਗ ਦੇ ਅੰਡਰ-11, ਅੰਡਰ-14, ਅੰਡਰ-17, ਅੰਡਰ-19 ਵਰਗਾਂ ਅਤੇ ਵਿਸ਼ੇਸ਼ ਬੱਚਿਆਂ ਦੇ ਵਰਗਾਂ ਦੇ ਤੈਰਾਕੀ ਟੂਰਨਾਮੈਂਟ ਦਾ ਆਯੋਜਨ 25 ਤੋਂ 27 ਅਗਸਤ, 2026 ਤੱਕ ਆਲ ਵੈਦਰ ਸਵਿਮਿੰਗ ਪੂਲ ਸੈਕਟਰ 23, ਚੰਡੀਗੜ੍ਹ ਵਿਖੇ ਕਰੇਗਾ।

ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਐਂਟਰੀਆਂ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 22 ਅਗਸਤ, 2026 ਹੈ। ਐਂਟਰੀ ਫਾਰਮ ਵਿਭਾਗ ਦੀ ਵੈੱਬਸਾਇਟ http://sportsdeptt.chd.gov.in ਅਤੇ ਸੈਕਟਰ 8, ਆਲ ਵੈਦਰ ਸਵਿਮਿੰਗ ਪੂਲ ਸੈਕਟਰ 23, ਨਰਸਰੀ ਪੂਲ ਸੈਕਟਰ 23, ਸੈਕਟਰ 27, ਸੈਕਟਰ 34, ਸੈਕਟਰ 38 (ਵੈਸਟ), ਸੈਕਟਰ 39, ਸੈਕਟਰ 43, ਸੈਕਟਰ 50, ਸੈਕਟਰ 56, ਮਨੀਮਾਜਰਾ ਸਪੋਰਟਸ ਕੰਪਲੈਕਸ ਅਤੇ ਲੇਕ ਕਲੱਬ ਸਪੋਰਟਸ ਕੰਪਲੈਕਸ ਵਿਖੇ ਸਥਿਤ ਸਵਿਮਿੰਗ ਕੋਚਿੰਗ ਸੈਂਟਰਾਂ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ। ਇੱਛੁਕ ਪ੍ਰਤੀਭਾਗੀਆਂ ਦੇ ਦਸਤਾਵੇਜ਼ਾਂ ਦੀ ਤਸਦੀਕ ਤੋਂ ਬਾਅਦ ਕੇਵਲ ਸਰੀਰਕ ਤੌਰ 'ਤੇ ਇਨ੍ਹਾਂ ਕੋਚਿੰਗ ਸੈਂਟਰਾਂ 'ਤੇ ਹੀ ਐਂਟਰੀਆਂ ਸਵੀਕਾਰ ਕੀਤੀਆਂ ਜਾਣਗੀਆਂ।

ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਕੋਈ ਐਂਟਰੀ ਫੀਸ ਨਹੀਂ ਲਈ ਜਾਵੇਗੀ। ਸਾਰੇ ਪ੍ਰਤੀਭਾਗੀਆਂ ਨੂੰ ਟੂਰਨਾਮੈਂਟ ਦੇ ਦੌਰਾਨ ਰਿਫਰੈਸ਼ਮੈਂਟ ਵੀ ਉਪਲਬਧ ਕਰਵਾਈ ਜਾਵੇਗੀ।



# ਪੋਲੀਟਿਕਸ



# ਸ਼ਿਵ ਸੈਨਾ ਹਿੰਦੂਸਤਾਨ ਵੱਲੋਂ ਹੋਟਲ ਫਲਾਈਓਵਰ ਵਿਖੇ ਪ੍ਰੈਸ ਕਾਨਫਰੰਸ ਆਯੋਜਿਤ

**ਪਟਿਆਲਾ, 3 ਅਗਸਤ**
**-ਵਿਸ਼ਾਲ ਗੁਪਤਾ-**

ਸ਼ਿਵ ਸੈਨਾ ਹਿੰਦੁਸਤਾਨ ਅਤੇ ਹਿੰਦੁਸਤਾਨ ਸ਼ਕਤੀ ਸੈਨਾ ਨੇ ਅੱਜ ਹੋਟਲ ਫਲਾਈਓਵਰ ਵਿਖੇ ਇੱਕ ਵੱਡੀ ਪ੍ਰੈਸ ਕਾਨਫਰੰਸ ਕੀਤੀ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਪਵਨ ਗੁਪਤਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਆਪਣੀ ਸਰਕਾਰ ਵੱਲੋਂ ਪੰਜਾਬ ਦੇ 45% ਘੱਟ ਗਿਣਤੀ ਹਿੰਦੂ ਭਾਈਚਾਰੇ ਦਾ ਵਿਸ਼ਵਾਸ ਜਿੱਤਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ। ਹਿੰਦੂ ਭਾਈਚਾਰੇ ਲਈ ਸਾਰੇ ਮਸ਼ਹੂਰ ਤੀਰਥ ਸਥਾਨਾਂ ਦੀ ਯਾਤਰਾ ਦੀ ਸਹੂਲਤ ਲਈ ਵੱਖ-ਵੱਖ ਤੀਰਥ ਯਾਤਰਾ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ। ਇਸ ਦੌਰਾਨ, ਪੰਜਾਬ ਵਿੱਚ ਘੱਟ ਗਿਣਤੀ ਹਿੰਦੂ ਭਾਈਚਾਰੇ, ਖਾਸ ਕਰਕੇ ਅੱਤਵਾਦ ਤੋਂ ਪ੍ਰਭਾਵਿਤ 35,000 ਹਿੰਦੂਆਂ ਲਈ ਮੇਰੇ ਮਜ਼ਬੂਤ ਸਮਰਥਨ ਦੇ ਕਾਰਨ, ਮੇਰੇ ਵਰਗੇ ਹਿੰਦੂ ਆਗੂਆਂ ਨੂੰ ਉਨ੍ਹਾਂ ਦੀ ਪੰਜਾਬ ਪੁਲਿਸ ਸੁਰੱਖਿਆ ਵਾਪਸ ਲੈ ਕੇ ਧਮਕੀ ਦਿੱਤੀ ਜਾ ਰਹੀ ਹੈ ਕਿ ਉਹ ਹਿੰਦੂ ਭਾਈਚਾਰੇ ਦੇ ਹੱਕਾਂ ਅਤੇ ਹਿੱਤਾਂ ਲਈ ਬੋਲਣ ਤੋਂ ਗੁਰੇਜ਼ ਕਰਨ। ਨਹੀਂ ਤਾਂ, ਉਨ੍ਹਾਂ ਦੀ ਸੁਰੱਖਿਆ ਵਾਪਸ ਲੈ ਲਈ ਜਾਵੇਗੀ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਅੰਤਿਮ ਅੰਤ ਤੱਕ ਪਹੁੰਚਾਇਆ ਜਾਵੇਗਾ, ਬਿਲਕੁਲ ਉਸੀ ਤਰ੍ਹਾਂ ਜਿਵੇਂ ਮਸ਼ਹੂਰ ਪੰਜਾਬੀ ਗਾਇਕ ਸਿੱਧੂ ਮੂਸੇ ਵਾਲਾ ਵਾਂਗ। ਖਚਾਖਚ ਭਰੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਪਵਨ ਗੁਪਤਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਨੂੰ ਉਨ੍ਹਾਂ ਤਾਕਤਾਂ ਦੀ ਜਾਂਚ ਅਤੇ ਸਮਝ ਕਰਨੀ ਚਾਹੀਦੀ ਹੈ ਜੋ ਪੰਜਾਬ ਸਰਕਾਰ ਨੂੰ ਅਜਿਹੇ ਫੈਸਲੇ ਲੈਣ ਲਈ ਮਜਬੂਰ ਕਰ ਰਹੀਆਂ ਹਨ ਜੋ ਅਸਲੀ ਤੌਰ ’ਤੇ ਪੰਜਾਬ ਸਰਕਾਰ ਅਤੇ ਹਿੰਦੂ ਭਾਈਚਾਰੇ ਵਿਚਕਾਰ ਟਕਰਾਅ ਦਾ ਕਾਰਨ ਬਣਨਗੇ, ਅਤੇ ਅਜਿਹੇ ਫੈਸਲੇ ਪੰਜਾਬ ਸਰਕਾਰ ਨੂੰ ਹਿੰਦੂ ਵਿਰੋਧੀ ਵਜੋਂ ਪੇਸ਼ ਕਰਨਗੇ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ 48 ਘੰਟਿਆਂ ਦੇ ਅੰਦਰ ਇਸ ਸਾਜ਼ਿਸ਼ ਨੂੰ ਖਤਮ ਨਹੀਂ ਕਰਦੀ ਹੈ, ਤਾਂ ਸ਼ਿਵ ਸੈਨਾ ਹਿੰਦੁਸਤਾਨ ਇਸ ਹਿੰਦੂ ਵਿਰੋਧੀ ਰਵੱਈਏ ਵਿਰੁੱਧ ਹਿੰਦੂ ਸਮਾਜ ਦੇ ਸਨਮਾਨ ਦੀ ਲੜਾਈ ਨੂੰ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲੈ ਜਾਵੇਗੀ। ਹਰ ਜ਼ਿਲ੍ਹੇ ਦੇ ਹਿੰਦੂ ਸੰਗਠਨਾਂ ਨਾਲ ਤਾਲਮੇਲ ਕਰਕੇ ਇਸ ਵਿਸ਼ੇ ਤੇ ਵੱਡੀਆਂ ਮੀਟਿੰਗਾਂ ਕੀਤੀਆਂ ਜਾਣਗੀਆਂ। ਸ਼ਿਵ ਸੈਨਾ ਹਿੰਦੁਸਤਾਨ 781 ਕਰੋੜ ਰੁਪਏ ਦੇ ਪੈਕੇਜ ਦੀ ਬਜਾਏ ਪੰਜਾਬ ਵਿੱਚ ਅੱਤਵਾਦ ਦੇ ਪੀੜਤ 35,000 ਘੱਟ ਗਿਣਤੀ ਹਿੰਦੂਆਂ ਲਈ 5,100 ਕਰੋੜ ਰੁਪਏ ਦਾ ਪੈਕੇਜ ਪ੍ਰਾਪਤ ਕਰਨ ਅਤੇ ਪੰਜਾਬ ਦੇ ਹਿੰਦੂ ਭਾਈਚਾਰੇ ਦੀਆਂ 11-ਨੁਕਾਤੀ ਮੰਗਾਂ ਨੂੰ ਪੂਰਾ ਕਰਨ ਲਈ ਹਰ ਸੰਭਵ ਤਰੀਕੇ ਨਾਲ ਲੜੇਗੀ। ਇਸ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ, ਪੰਜਾਬ ਵਿੱਚ ਹਿੰਦੂ ਸੰਗਠਨਾਂ ਦੀ ਇੱਕ ਵੱਡੀ ਮੀਟਿੰਗ ਪਟਿਆਲਾ ਵਿਖੇ ਬੁਲਾਈ ਜਾਵੇਗੀ ਤਾਂ ਜੋ ਪੰਜਾਬ ਸਰਕਾਰ ਵੱਲੋਂ ਮੈਨੂੰ ਡਰਾਉਣ ਅਤੇ ਧਮਕਾਉਣ, ਪੰਜਾਬ ਸਰਕਾਰ ਨੂੰ ਗੁੰਮਰਾਹ ਕਰਨ ਅਤੇ ਪੰਜਾਬ ਸਰਕਾਰ ’ਤੇ ਮੇਰੀ ਸੁਰੱਖਿਆ ਵਾਪਸ ਲੈਣ ਲਈ ਦਬਾਅ ਪਾਉਣ ਦੀਆਂ ਕੋਸ਼ਿਸ਼ਾਂ ਦਾ ਵਿਰੋਧ ਕੀਤਾ ਜਾ ਸਕੇ। ਪੰਜਾਬ ਸਰਕਾਰ ਅਤੇ ਇਸਦੇ ਸਲਾਹਕਾਰ ਜਿਨ੍ਹਾਂ ਨੇ ਅਜਿਹੇ ਹਿੰਦੂ ਵਿਰੋਧੀ ਫੈਸਲੇ ਲਾਗੂ ਕੀਤੇ ਹਨ, ਉਹ ਸਾਰੇ ਨਤੀਜਿਆਂ ਲਈ ਜ਼ਿੰਮੇਵਾਰ ਹੋਣਗੇ।

ਅੱਜ ਦੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ਼੍ਰੀ ਹਿੰਦੂ ਤਖ਼ਤ ਭਾਰਤ ਦੇ ਮੁਖੀ ਸ਼੍ਰੀ ਬ੍ਰਹਮਾਨੰਦ ਗਿਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਸ਼੍ਰੀ ਪਵਨ ਗੁਪਤਾ ਦੀ ਸੁਰੱਖਿਆ ਵਾਪਸ ਲੈਣ ਦਾ ਆਤਮਘਾਤੀ ਫੈਸਲਾ ਨਹੀਂ ਲੈਣਾ ਚਾਹੀਦਾ ਸੀ। ਸਾਰੇ ਹਿੰਦੂ ਸੰਗਠਨ ਇਸ ਫੈਸਲੇ ਦਾ ਸਖ਼ਤ ਵਿਰੋਧ ਕਰਦੇ ਹਨ, ਅਤੇ ਅਜਿਹਾ ਹਿੰਦੂ ਵਿਰੋਧੀ ਫੈਸਲਾ ਹਿੰਦੂ ਭਾਈਚਾਰੇ ਦੀਆਂ ਨਜ਼ਰਾਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਅਤੇ ਪੰਜਾਬ ਸਰਕਾਰ ਦੀ ਸਾਖ ਨੂੰ ਢਾਹ ਲਗਾਏਗਾ।

ਇਸ ਤਰਾ ਦੇ ਹਿੰਦੂ ਵਿਰੋਧੀ ਫੈਸਲੇ ਦੀ ਅਗਵਾਈ ਕਰਨ ਵਾਲੇ ਸਲਾਹਕਾਰ ਪੰਜਾਬ ਸਰਕਾਰ ਨੂੰ ਪੂਰੀ ਤਰ੍ਹਾਂ ਗੁੰਮਰਾਹ ਕਰ ਰਹੇ ਹਨ, ਅਤੇ ਪੰਜਾਬ ਸਰਕਾਰ ਨੂੰ ਵਿਧਾਨ ਸਭਾ ਚੋਣਾਂ ਦੇ ਦੌਰਾਨ ਹਿੰਦੂ ਸਮਾਜ ਦੀ ਨਰਾਜ਼ਗੀ ਦੇ ਗੰਭੀਰ ਨਤੀਜੇ ਭੁਗਤਣੇ ਪੈ ਸਕਦੇ ਹਨ। ਸ਼ਿਵ ਸੈਨਾ ਹਿੰਦੁਸਤਾਨ ਅਤੇ ਅਸੀਂ ਪੰਜਾਬ ਸਰਕਾਰ ਵੱਲੋਂ ਹਿੰਦੂ ਭਾਈਚਾਰੇ ਪ੍ਰਤੀ ਚੁੱਕੇ ਜਾ ਰਹੇ ਸਾਰੇ ਸਕਾਰਾਤਮਕ ਕਦਮਾਂ ਦੀ ਰਾਜਨੀਤੀ ਤੋਂ ਉੱਪਰ ਉੱਠ ਕੇ ਹਮੇਸ਼ਾ ਸ਼ਲਾਘਾ ਕੀਤੀ ਹੈ, ਪਰ ਹਿੰਦੂ ਭਾਈਚਾਰੇ ਦੇ ਹੱਕਾਂ ਦੀ ਵਕਾਲਤ ਕਰਨਾ ਅਤੇ ਹਿੰਦੂ ਭਾਈਚਾਰੇ ਦੇ ਹਿੱਤਾਂ ਲਈ ਲੜਨਾ ਸਾਡੀ ਮੁੱਖ ਜ਼ਿੰਮੇਵਾਰੀ ਹੈ। ਸਾਨੂੰ ਹਿੰਦੂ ਭਾਈਚਾਰੇ ਦੇ ਹਿੱਤਾਂ ਲਈ ਲੜਨ ਤੋਂ ਕੋਈ ਨਹੀਂ ਰੋਕ ਸਕਦਾ, ਨਾ ਹੀ ਕਿਸੇ ਸਰਕਾਰ ਨੂੰ ਅਜਿਹੇ ਯਤਨ ਕਰਨੇ ਚਾਹੀਦੇ ਹਨ। ਮੈਂ ਪੰਜਾਬ ਸਰਕਾਰ ਨੂੰ ਜ਼ੋਰਦਾਰ ਅਪੀਲ ਕਰਦਾ ਹਾਂ ਕਿ ਉਹ ਸਕਾਰਾਤਮਕ ਪਹੁੰਚ ਅਪਣਾਏ ਅਤੇ ਸ਼੍ਰੀ ਪਵਨ ਗੁਪਤਾ ਦੀ ਸੁਰੱਖਿਆ ਤੁਰੰਤ ਬਹਾਲ ਕਰੇ ਇਸ ਤੋਂ ਪਹਿਲਾਂ ਕਿ ਕੋਈ ਅੱਤਵਾਦੀ ਘਟਨਾ ਵਾਪਰੇ ਜੋ ਸਰਕਾਰ ਦੀ ਬਦਨਾਮੀ ਦਾ ਕਾਰਨ ਬਣੇ।

ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਜਨਰਲ ਸਕੱਤਰ, ਸ਼੍ਰੀ ਕ੍ਰਿਸ਼ਨ ਸ਼ਰਮਾ, ਜੋ ਅੱਜ ਲੁਧਿਆਣਾ ਤੋਂ ਵਿਸ਼ੇਸ਼ ਤੌਰ ’ਤੇ ਆਏ ਸਨ, ਨੇ ਪ੍ਰੈਸ ਕਾਨਫਰੰਸ ਨੂੰ ਸਪੱਸ਼ਟ ਸ਼ਬਦਾਂ ਵਿੱਚ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਦੇ ਸੁਰੱਖਿਆ ਵਾਪਸ ਲੈਣ ਦੇ ਫੈਸਲੇ ਦੇ ਨਤੀਜੇ ਵਜੋਂ ਪਾਰਟੀ ਦੇ ਰਾਸ਼ਟਰੀ ਪ੍ਰਧਾਨ, ਸ਼੍ਰੀ ਪਵਨ ਗੁਪਤਾ ’ਤੇ ਅੱਤਵਾਦੀ ਹਮਲਾ ਹੁੰਦਾ ਹੈ, ਜਿਸ ਨਾਲ ਉਨ੍ਹਾਂ ਦੀ ਜਾਨ-ਮਾਲ ਨੂੰ ਨੁਕਸਾਨ ਪਹੁੰਚਦਾ ਹੈ, ਤਾਂ ਪ੍ਰਤੀਕਿਰਿਆ ਨਾ ਸਿਰਫ਼ ਪੰਜਾਬ ਦੇ ਹਿੰਦੂਆਂ ਵੱਲੋਂ ਸਗੋਂ ਦੇਸ਼ ਭਰ ਦੇ ਹਿੰਦੂਆਂ ਵੱਲੋਂ ਆਵੇਗੀ। ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ, ਸ਼੍ਰੀ ਪਵਨ ਗੁਪਤਾ ਲੰਬੇ ਸਮੇਂ ਤੋਂ ਖਾਲਿਸਤਾਨੀ ਅੱਤਵਾਦੀ ਸੰਗਠਨਾਂ ਅਤੇ ਪਾਕਿਸਤਾਨ ਪੱਖੀ ਜੇਹਾਦੀ ਅੱਤਵਾਦੀ ਸੰਗਠਨਾਂ ਦੀ ਹਿੱਟ ਲਿਸਟ ’ਤੇ ਹਨ। ਪੰਜਾਬ ਸਰਕਾਰ ਦੇ ਇਸ ਗਲਤ ਕਦਮ ਨਾਲ ਉਨ੍ਹਾਂ ’ਤੇ ਵੀ ਪੰਜਾਬ ਦੇ ਮਸ਼ਹੂਰ ਗਾਇਕ ਮੂਸੇਵਾਲ ਵਾਂਗ ਹਮਲੇ ਦੀ ਸੰਭਾਵਨਾ ਵੱਧ ਜਾਂਦੀ ਹੈ। ਉਨ੍ਹਾਂ ਦੀ ਸੁਰੱਖਿਆ ਵਾਪਸ ਲੈ ਕੇ, ਪੰਜਾਬ ਸਰਕਾਰ ਨੇ ਜਨਤਕ ਤੌਰ ’ਤੇ ਖਾਲਿਸਤਾਨੀ ਅੱਤਵਾਦੀਆਂ ਅਤੇ ਉਨ੍ਹਾਂ ਅੱਤਵਾਦੀ ਸੰਗਠਨਾਂ ਨੂੰ ਆਸਾਨ ਨਿਸ਼ਾਨਾ ਬਣਾ ਦਿੱਤਾ ਹੈ। ਇਸ ਲਈ, ਪੰਜਾਬ ਸਰਕਾਰ ਨੂੰ ਇਸ ਫੈਸਲੇ ਨੂੰ ਤੁਰੰਤ ਵਾਪਸ ਲੈਣਾ ਚਾਹੀਦਾ ਹੈ ਅਤੇ ਸ਼੍ਰੀ ਪਵਨ ਗੁਪਤਾ ਲਈ ਤੁਰੰਤ ਸਖ਼ਤ ਸੁਰੱਖਿਆ ਬਹਾਲ ਕਰਨੀ ਚਾਹੀਦੀ ਹੈ। ਅੱਜ ਦੀ ਪ੍ਰੈਸ ਕਾਨਫਰੰਸ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਦੇ ਸੀਨੀਅਰ ਆਗੂ, ਸ਼੍ਰੀ ਹੇਮਰਾਜ ਗੋਇਲ, ਰਾਸ਼ਟਰੀ ਸਲਾਹਕਾਰ, ਸ਼੍ਰੀ ਪ੍ਰਦੀਪ ਵਰਮਾ ਰਾਸ਼ਟਰੀ ਬੁਲਾਰੇ, ਸ਼੍ਰੀਮਤੀ ਕਾਂਤਾ ਬਾਂਸਲ, ਉਪ ਪ੍ਰਧਾਨ, ਉੱਤਰੀ ਭਾਰਤ, ਹਿੰਦੁਸਤਾਨ ਮਹਿਲਾ ਸੈਨਾ, ਸ਼੍ਰੀ ਨਰਿੰਦਰ ਭਾਰਦਵਾਜ, ਰਾਸ਼ਟਰੀ ਪ੍ਰਧਾਨ, ਹਿੰਦੁਸਤਾਨ ਮਜ਼ਦੂਰ ਸੈਨਾ, ਸ਼੍ਰੀ ਕ੍ਰਿਸ਼ਨਾ ਗਾਬਾ, ਸੂਬਾ ਪ੍ਰਧਾਨ ਹਿੰਦੁਸਤਾਨ ਵਪਾਰ ਸੈਨਾ ਪੰਜਾਬ, ਸ਼੍ਰੀ ਸ਼ਮਾਕਾਂਤ ਪਾਂਡੇ, ਸੀਨੀਅਰ ਉਪ ਪ੍ਰਧਾਨ, ਪੰਜਾਬ ਅਤੇ ਜ਼ਿਲ੍ਹਾ ਇੰਚਾਰਜ, ਪਟਿਆਲਾ, ਸ਼੍ਰੀ ਅਮਰਜੀਤ ਬੰਟੀ, ਚੇਅਰਮੈਨ ਯੁਵਾ ਸੈਨਾ, ਪੰਜਾਬ, ਸ਼੍ਰੀ ਨੰਦਲਾਲ, ਜ਼ਿਲ੍ਹਾ ਉਪ ਪ੍ਰਧਾਨ ਪਟਿਆਲਾ (ਨਾਭਾ), ਸ਼੍ਰੀਮਤੀ ਵਿਮਲਾ ਦੇਵੀ, ਸ਼ਹਿਰ ਮਹਿਲਾ ਪ੍ਰਧਾਨ (ਨਾਭਾ), ਸ਼੍ਰੀ ਰਵੀ ਸੋਹਲ, ਸ਼ਹਿਰ ਪ੍ਰਧਾਨ, ਪਟਿਆਲਾ, ਆਦਿ ਸੀਨੀਅਰ ਆਗੂ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਰਾਜ ਪੱਧਰੀ ਯੁਵਕ ਸਿਖਲਾਈ ਵਰਕਸ਼ਾਪ ’ਚ ਫੀਲਖਾਨਾ ਦੇ ਪੰਜ ਵਿਦਿਆਰਥੀ ਭਾਗ ਲੈਣਗੇ



**ਪਟਿਆਲਾ, 3 ਅਗਸਤ**
**-ਛਤਰਪਾਲ ਸਿੰਘ-**

ਯੁਵਕ ਸੇਵਾਵਾਂ ਵਿਭਾਗ ਪੰਜਾਬ ਵੱਲੋਂ ਰਾਜ ਪੱਧਰੀ ਯੁਵਕ ਸਿਖਲਾਈ ਵਰਕਸ਼ਾਪ ਦਾ ਆਯੋਜਨ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਕਰਵਾਇਆ ਜਾ ਰਿਹਾ ਹੈ। ਸਕੂਲ ਆਫ ਐਮੀਨੈਂਸ ਫੀਲਖਾਨਾ ਦੇ ਪੰਜ ਵਿਦਿਆਰਥੀ ਇਸ ਵਿੱਚ ਭਾਗ ਲੈਣਗੇ। ਇਸ ਮੌਕੇ ਸਟੇਟ ਅਵਾਰਡੀ ਪ੍ਰਿੰਸੀਪਲ ਡਾਕਟਰ ਰਜਨੀਸ਼ ਗੁਪਤਾ ਜੀ ਨੇ ਵਿਦਿਆਰਥੀਆਂ ਨੂੰ ਸੁਨਹਿਰੀ ਹਾਰ ਪਹਿਨਾ ਕੇ ਚੰਡੀਗੜ੍ਹ ਲਈ ਰਵਾਨਾ ਕੀਤਾ। ਉਹਨਾਂ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਉਹ ਜਿਲ੍ਹਾ ਪਟਿਆਲਾ ਤੇ ਫੀਲਖਾਨਾ ਦਾ ਨਾਮ ਰੋਸ਼ਨ ਕਰਨ। ਇਸ ਮੌਕੇ ਵਰਕਸ਼ਾਪ ਬਾਰੇ ਜਾਣਕਾਰੀ ਦਿੰਦਿਆ ਪ੍ਰੋਗਰਾਮ ਅਫਸਰ ਸ੍ਰੀ ਮਨੋਜ ਸਾਹਿਬ ਨੇ ਦੱਸਿਆ ਕਿ ਯੁਵਕ ਸੇਵਾਵਾਂ ਵਿਭਾਗ ਪੰਜਾਬ ਵੱਲੋਂ ਸਾਲ ਭਰ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ ,ਜਿਨਾਂ ਵਿੱਚ ਇੱਕ ਰੋਜ਼ਾ ਕੈਂਪ ਸੱਤ ਰੋਜਾ ਦਿਨ/ਰਾਤ ਕੈਂਪ ,ਹਾਈਕਿੰਗ ਟਰੈਕਿੰਗ ਕੈਂਪ, ਅੰਤਰਰਾਜੀ ਟੂਰ ਪ੍ਰੋਗਰਾਮ ਅਤੇ ਯੁਵਕ ਸਿਖਲਾਈ ਵਰਕਸ਼ਾਪ ਆਦਿ ਪ੍ਰੋਗਰਾਮ ਕਰਵਾਏ ਜਾਂਦੇ ਹਨ ।ਇਹਨਾਂ ਪ੍ਰੋਗਰਾਮਾਂ ਰਾਹੀਂ ਵਿਦਿਆਰਥੀ ਜਿੱਥੇ ਜੀਵਨ ਜਾਂਚ ਸਿੱਖਦੇ ਹਨ ,ਉਥੇ ਨਾਲ ਹੀ ਇਨ੍ਹਾਂ ਕਿਰਿਆਵਾ ਦੌਰਾਨ ਵਿਦਿਆਰਥੀਆਂ ਦੇ ਮਾਨਸਿਕ ਵਿਕਾਸ ਦੇ ਨਾਲ ਨਾਲ ਸਰੀਰਕ ਵਿਕਾਸ ਵੀ ਹੁੰਦਾ ਹੈ ।ਉਹਨਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਜੀ ਦੀ ਸੋਚ ਸਦਕਾ ਨੌਜਵਾਨਾਂ ਨੂੰ ਸਮਾਜ ਦੇ ਲਈ ਸੇਧ ਦੇਣ ਦੇ ਲਈ ਇਹ ਉਪਰਾਲੇ ਕੀਤੇ ਜਾ ਰਹੇ ਹਨ, ਤਾਂ ਜੋ ਨੌਜਵਾਨ ਆਪਣੇ ਵਰਗੇ ਹੋਰ ਨੌਜਵਾਨਾਂ ਨੂੰ ਜੀਵਨ ਜਾਂਚ ਸਿਖਾ ਸਕਣ। ਜਿਕਰਯੋਗ ਹੈ ਕਿ ਸਕੂਲ ਆਫ ਐਮੀਨੈਂਸ ਫੀਲਖਾਨਾ ਪਟਿਆਲਾ ਦੇ ਵਿਦਿਆਰਥੀ /ਵਲੰਟੀਅਰਜ਼ ਪਿਛਲੇ ਇੱਕ ਦਹਾਕੇ ਤੋਂ ਵੱਖ-ਵੱਖ ਸਹਿ ਵਿਦਿਅਕ ਕਿਰਿਆਵਾਂ ਵਿੱਚ ਮੱਲਾ ਮਾਰ ਰਹੇ ਹਨ, ਫੀਲਖਾਨਾ ਦੇ ਵਿਦਿਆਰਥੀ ਰਾਸ਼ਟਰੀ ਪੱਧਰ ਤੇ ਵੀ ਨਾਮ ਕਮਾ ਚੁੱਕੇ ਹਨ , ਵਿਦਿਆਰਥੀਆਂ ਨੂੰ ਰਵਾਨਾ ਕਰਨ ਮੌਕੇ ਐਨਐਸਐਸ ਪ੍ਰੋਗਰਾਮ ਆਫਿਸਰ ਸ੍ਰੀ ਮਨੋਜ ਥਾਪਰ , ਐਨਐਸਐਸ ਪ੍ਰੋਗਰਾਮ ਆਫਿਸਰ ਸਰਦਾਰ ਪ੍ਰਗਟ ਸਿੰਘ ਅਤੇ ਸਹਾਇਕ ਪ੍ਰੋਗਰਾਮ ਆਫਿਸਰ ਸ੍ਰੀ ਹਰਪ੍ਰੀਤ ਜੀ ਵੀ ਮੌਜੂਦ ਰਹੇ।

# ਪੰਜਾਬ ਕਾਂਗਰਸ ਵੱਲੋਂ ਪੇਪਰ ਲੀਕ ਮਾਮਲੇ ’ਤੇ ਸਰਕਾਰ ਦੀ ਘੇਰਾਬੰਦੀ: ਵਿਧਾਨ ਸਭਾ ਬਾਹਰ ਕੀਤੀ ਨਾਅਰੇਬਾਜ਼ੀ



**ਚੰਡੀਗੜ੍ਹ, 3 ਅਗਸਤ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਅਤੇ ਹੋਰਨਾਂ ਕਾਂਗਰਸੀ ਵਿਧਾਇਕਾਂ ਵੱਲੋਂ ਪੇਪਰ ਲੀਕ ਦੇ ਮੁੱਦੇ ਉੱਤੇ ਸਰਕਾਰ ਦੀ ਘੇਰਾਬੰਦੀ ਕੀਤੀ ਗਈ। ਇਸ ਦੌਰਾਨ ਕਾਂਗਰਸੀ ਵਿਧਾਇਕਾਂ ਨੇ ਪੇਪਰ ਲੀਕ ਦੇ ਮਾਮਲੇ ਵਿੱਚ ਪੰਜਾਬ ਵਿਧਾਨ ਸਭਾ ਦੇ ਬਾਹਰ ਸੂਬਾ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਜੰਤਰ-ਮੰਤਰ ਉੱਤੇ ਵਿਦਿਆਰਥੀਆਂ ਦੇ ਧਰਨੇ ਵਿੱਚ ਪਹੁੰਚੇ ਹਨ ਅਤੇ ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਕਰ ਰਹੇ ਸਨ, ਪਰ ਪੰਜਾਬ ਵਿੱਚ ਹੋਏ ਪੇਪਰ ਲੀਕ ਮਾਮਲਿਆਂ ਵਿੱਚ ਉਨ੍ਹਾਂ ਨੇ ਚੁੱਪੀ ਧਾਰ ਰੱਖੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਹੋਏ ਪੇਪਰ ਲੀਕ ਦੇ ਮਾਮਲਿਆਂ ਵਿੱਚ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੂੰ ਅਸਤੀਫ਼ਾ ਦੇਣਾ ਚਾਹੀਦਾ ਹੈ।

ਪ੍ਰਤਾਪ ਸਿੰਘ ਬਾਜਵਾ ਨੇ ਵਿਧਾਨ ਸਭਾ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਸਾਰੇ ਵਿਧਾਇਕਾਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਗੁਰੂ ਦੋਖੀ ਕਰਾਰੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਦੇ ਮੱਥੇ ਨਹੀਂ ਲੱਗਣਗੇ। ਪਰ ਇਸ ਬਾਰੇ ਜਦੋਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਪੁੱਛਿਆ ਗਿਆ, ਤਾਂ ਉਨ੍ਹਾਂ ਨੇ ਕੋਈ ਠੋਸ ਜਵਾਬ ਨਹੀਂ ਦਿੱਤਾ।

# ਸੀ ਟੀ ਯੂਨੀਵਰਸਿਟੀ ਨੇ ‘ਨਿਰਮਾਣ 2026’ ਓਰੀਐਂਟੇਸ਼ਨ ਪ੍ਰੋਗਰਾਮ ਤਹਿਤ 2,500 ਤੋਂ ਵੱਧ ਨਵੇਂ ਵਿਦਿਆਰਥੀਆਂ ਦਾ ਕੀਤਾ ਸ਼ਾਨਦਾਰ ਸਵਾਗਤ



**ਲੁਧਿਆਣਾ, 3 ਅਗਸਤ**
**-ਜਗਮੇਲ ਸਿੰਘ ਢਿਲੋਂ-**

ਸੀ ਟੀ ਯੂਨੀਵਰਸਿਟੀ ਨੇ ਆਪਣੇ ਪ੍ਰਸਿੱਧ ਓਰੀਐਂਟੇਸ਼ਨ ਪ੍ਰੋਗਰਾਮ ‘ਨਿਰਮਾਣ 2026’ ਦੀ ਸ਼ਾਨਦਾਰ ਸ਼ੁਰੂਆਤ ਕਰਦਿਆਂ ਵੱਖ-ਵੱਖ ਫੈਕਲਟੀਆਂ ਵਿੱਚ ਦਾਖਲਾ ਲੈਣ ਵਾਲੇ 2,500 ਤੋਂ ਵੱਧ ਨਵੇਂ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕੀਤਾ। ਉਤਸ਼ਾਹ, ਨਵਾਚਾਰ ਅਤੇ ਰਚਨਾਤਮਕਤਾ ਨਾਲ ਭਰਪੂਰ ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਦੇ ਯੂਨੀਵਰਸਿਟੀ ਜੀਵਨ ਦੀ ਯਾਦਗਾਰ ਸ਼ੁਰੂਆਤ ਕਰਵਾਈ।

ਇਸ ਸਾਲ ਓਰੀਐਂਟੇਸ਼ਨ ਪ੍ਰੋਗਰਾਮ ਨੂੰ ਵਿਲੱਖਣ ਏਅਰਪੋਰਟ ਥੀਮ ’ਤੇ ਆਯੋਜਿਤ ਕੀਤਾ ਗਿਆ, ਜਿਸ ਤਹਿਤ ਪੂਰੇ ਕੈਂਪਸ ਨੂੰ ਇੱਕ ਆਧੁਨਿਕ ਏਅਰਪੋਰਟ ਟਰਮੀਨਲ ਦਾ ਰੂਪ ਦਿੱਤਾ ਗਿਆ। ਇਹ ਸੰਕਲਪ ਵਿਦਿਆਰਥੀਆਂ ਦੇ ਗਿਆਨ, ਨਵਾਚਾਰ ਅਤੇ ਸਫਲਤਾ ਵੱਲ ਸ਼ੁਰੂ ਹੋਣ ਵਾਲੇ ਨਵੇਂ ਅਕਾਦਮਿਕ ਸਫ਼ਰ ਦਾ ਪ੍ਰਤੀਕ ਬਣਿਆ।

ਪ੍ਰੋਗਰਾਮ ਦੀ ਸਭ ਤੋਂ ਖ਼ਾਸ ਆਕਰਸ਼ਣ ਹਰ ਵਿਦਿਆਰਥੀ ਨੂੰ ਨਿੱਜੀ ਪਾਸਪੋਰਟ ਅਤੇ ਬੋਰਡਿੰਗ ਪਾਸ ਦੇ ਕੇ ਸਵਾਗਤ ਕਰਨਾ ਰਿਹਾ। ਇਸ ਨਵੀਨਤਮ ਪਹਿਲ ਨੇ ਵਿਦਿਆਰਥੀਆਂ ਨੂੰ ਅਜਿਹਾ ਅਨੁਭਵ ਦਿੱਤਾ ਜਿਵੇਂ ਉਹ ਆਪਣੇ ਸੁਪਨਿਆਂ ਅਤੇ ਉਜਲੇ ਭਵਿੱਖ ਵੱਲ ਉਡਾਣ ਭਰਨ ਲਈ ਤਿਆਰ ਹੋਣ। ਇਹ ਪਹਿਲ ਸੀ ਟੀ ਯੂਨੀਵਰਸਿਟੀ ਦੀ ਵਿਸ਼ਵ ਪੱਧਰੀ ਪੇਸ਼ੇਵਰਾਂ ਅਤੇ ਭਵਿੱਖ ਦੇ ਨੇਤਾਵਾਂ ਨੂੰ ਤਿਆਰ ਕਰਨ ਦੀ ਵਚਨਬੱਧਤਾ ਨੂੰ ਵੀ ਦਰਸਾਉਂਦੀ ਹੈ।

ਉਦਘਾਟਨੀ ਸਮਾਰੋਹ ਵਿੱਚ ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ, ਪ੍ਰੋ ਚਾਂਸਲਰ ਡਾ. ਮਨਬੀਰ ਸਿੰਘ, ਵਾਈਸ ਚਾਂਸਲਰ ਡਾ. ਨਿਤਿਨ ਟੰਡਨ, ਰਜਿਸਟਰਾਰ ਸੰਜੇ ਖੰਡੂਰੀ ਅਤੇ ਡਾਇਰੈਕਟਰ, ਡਿਵੀਜ਼ਨ ਆਫ਼ ਸਟੂਡੈਂਟ ਵੈਲਫੇਅਰ ਇੰਜੀ. ਦਵਿੰਦਰ ਸਿੰਘ ਵਿਸ਼ੇਸ਼ ਤੌਰ ’ਤੇ ਹਾਜ਼ਰ ਰਹੇ। ਸਾਰੇ ਮਾਣਯੋਗ ਮਹਿਮਾਨਾਂ ਨੇ ਵਿਦਿਆਰਥੀਆਂ ਦਾ ਸੀ ਟੀ ਪਰਿਵਾਰ ਵਿੱਚ ਸਵਾਗਤ ਕਰਦਿਆਂ ਉਨ੍ਹਾਂ ਨੂੰ ਯੂਨੀਵਰਸਿਟੀ ਜੀਵਨ ਦੇ ਹਰ ਮੌਕੇ ਦਾ ਭਰਪੂਰ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।

ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਟੀਚਿਆਂ ਪ੍ਰਤੀ ਸਮਰਪਿਤ ਰਹਿਣ, ਨਵਾਚਾਰ ਨੂੰ ਅਪਣਾਉਣ ਅਤੇ ਉਤਕ੍ਰਿਸ਼ਟਤਾ ਹਾਸਲ ਕਰਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸੀ ਟੀ ਯੂਨੀਵਰਸਿਟੀ ਗੁਣਵੱਤਾ-ਭਰਪੂਰ ਸਿੱਖਿਆ, ਅਨੁਭਵਾਤਮਕ ਸਿਖਲਾਈ ਅਤੇ ਸਰਵਪੱਖੀ ਵਿਕਾਸ ਰਾਹੀਂ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਉਪਲਬਧੀਆਂ ਵਿੱਚ ਬਦਲਣ ਲਈ ਸ਼ਾਨਦਾਰ ਮਾਹੌਲ ਪ੍ਰਦਾਨ ਕਰਦੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਅਰਥਪੂਰਨ ਯੋਗਦਾਨ ਪਾਉਣ ਦੀ ਅਪੀਲ ਵੀ ਕੀਤੀ।

